ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2530 | 20 July, 2026 Monday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ | +1 (209) 303-1260

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

# ਗੁਆਨਾ ਵਿੱਚ ਵੱਡਾ ਹਾਦਸਾ: 116 ਲੋਕਾਂ ਨੂੰ ਲੈ ਕੇ ਜਾ ਰਹੀ ਕਿਸ਼ਤੀ ਸਮੁੰਦਰ 'ਚ ਪਲਟੀ, ਬਚਾਅ ਕਾਰਜ ਜਾਰੀ

ਜਾਰਜਟਾਊਨ
ਸਾਂਝੀ ਸੋਚ ਬਿਊਰੋ

ਦੱਖਣੀ ਅਮਰੀਕੀ ਦੇਸ਼ ਗੁਆਨਾ ਵਿੱਚ ਇੱਕ ਵੱਡਾ ਹਾਦਸਾ ਵਾਪਰ ਗਿਆ ਹੈ। ਗੁਆਨਾ ਵਿੱਚ 116 ਯਾਤਰੀਆਂ ਅਤੇ ਚਾਲਕ ਦਲ ਨੂੰ ਲੈ ਕੇ ਜਾ ਰਹੀ ਐਮਵੀ ਬਰੀਮਾ ਫੈਰੀ ਸਮੁੰਦਰ ਵਿੱਚ ਪਲਟ ਗਈ। ਅਧਿਕਾਰੀਆਂ ਮੁਤਾਬਕ ਹੁਣ ਤੱਕ 53 ਲੋਕਾਂ ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ, ਜਦੋਂ ਕਿ ਬਾਕੀ ਯਾਤਰੀਆਂ ਦੀ ਭਾਲ ਲਈ ਖੋਜ ਅਤੇ ਬਚਾਅ ਅਭਿਆਨ ਜਾਰੀ ਹੈ।ਇਹ ਫੈਰੀ ਰਾਜਧਾਨੀ ਜਾਰਜਟਾਊਨ ਤੋਂ ਉੱਤਰੀ ਅਟਲਾਂਟਿਕ ਤੱਟ ਦੇ ਰਸਤੇ ਪੋਰਟ ਕੈਟੂਮਾ ਜਾ ਰਹੀ ਸੀ। ਹਾਦਸਾ ਪੋਮੇਰੂਨ ਨਦੀ ਦੇ ਨੇੜੇ ਵਾਪਰਿਆ। ਸਥਾਨਕ ਸਮੇਂ ਅਨੁਸਾਰ ਰਾਤ 11:01 ਵਜੇ ਸੰਕਟ ਦਾ ਸੁਨੇਹਾ ਮਿਲਣ ਤੋਂ ਬਾਅਦ ਸਰਕਾਰੀ ਏਜੰਸੀਆਂ ਅਤੇ ਨਿੱਜੀ ਬੇੜੀਆਂ ਦੀ ਮਦਦ ਨਾਲ ਤੁਰੰਤ



ਰੈਸਕਿਊ ਆਪ੍ਰੇਸ਼ਨ ਸ਼ੁਰੂ ਕੀਤਾ ਗਿਆ। ਅਧਿਕਾਰੀਆਂ ਨੇ ਅਜੇ ਤੱਕ ਕਿਸੇ ਮੌਤ ਦੀ ਪੁਸ਼ਟੀ ਨਹੀਂ ਕੀਤੀ ਹੈ।

# ਸਪੇਨ ਨੇ ਜਿੱਤਿਆ ਫੁੱਟਬਾਲ ਵਿਸ਼ਵ ਕੱਪ ਦਾ ਖਿਤਾਬ
## ਫਾਈਨਲ ਵਿੱਚ ਅਰਜਨਟੀਨਾ ਨੂੰ ਹਰਾਇਆ

ਨਿਊਯਾਰਕ
ਸਾਂਝੀ ਸੋਚ ਬਿਊਰੋ

ਸਪੇਨ ਨੇ 16 ਸਾਲਾਂ ਬਾਅਦ ਫੁੱਟਬਾਲ ਵਿਸ਼ਵ ਕੱਪ ਦਾ ਖਿਤਾਬ ਜਿੱਤਿਆ ਹੈ। ਟੀਮ ਨੇ ਨਿਊਯਾਰਕ ਦੇ ਨਿਊ ਜਰਸੀ ਸਟੇਡੀਅਮ ਵਿੱਚ ਖੇਡੇ ਗਏ ਫਾਈਨਲ ਵਿੱਚ ਮੌਜੂਦਾ ਚੈਂਪੀਅਨ ਅਰਜਨਟੀਨਾ ਨੂੰ 1-0 ਨਾਲ ਹਰਾ ਕੇ ਫੀਫਾ ਵਿਸ਼ਵ ਕੱਪ 2026 ਦਾ ਖਿਤਾਬ ਜਿੱਤਿਆ। ਫੇਰਾਨ ਟੋਰੇਸ ਨੇ ਵਾਧੂ ਸਮੇਂ ਦੌਰਾਨ ਸਪੇਨ ਲਈ ਗੋਲ ਕੀਤਾ। ਇਸ ਜਿੱਤ ਦੇ ਨਾਲ, ਸਪੇਨ ਨੇ 2010 ਤੋਂ ਬਾਅਦ ਦੂਜੀ ਵਾਰ ਇਹ ਖਿਤਾਬ ਜਿੱਤਿਆ ਹੈ, ਇਸ ਤੋਂ ਪਹਿਲਾਂ ਟੀਮ ਨੇ ਨੀਦਰਲੈਂਡਜ਼ ਨੂੰ 1-0 ਨਾਲ ਹਰਾਇਆ ਸੀ।ਤਣਾਅਪੂਰਨ ਅਤੇ ਜ਼ਬਰਦਸਤ ਮੁਕਾਬਲੇ ਵਾਲੇ 90 ਮਿੰਟ ਗੋਲ ਰਹਿਤ ਖਤਮ ਹੋਣ ਤੋਂ ਬਾਅਦ, ਟੋਰੇਸ ਨੇ ਆਖਰਕਾਰ 106ਵੇਂ ਮਿੰਟ ਵਿੱਚ ਡੈੱਡਲਾਕ ਤੋੜਿਆ। ਫਾਰਵਰਡ ਨੇ ਨਿਕੋ ਵਿਲੀਅਮਜ਼ ਦੇ ਹੈੱਡਡ ਨੌਕਡਾਊਨ ‘ਤੇ ਹਮਲਾ ਕੀਤਾ ਅਤੇ ਅਰਜਨਟੀਨਾ ਦੇ ਗੋਲਕੀਪਰ ਐਮਿਲਿਆਨੋ ਮਾਰਟੀਨੇਜ਼ ਤੋਂ ਪਰੇ ਇੱਕ ਸ਼ਕਤੀਸ਼ਾਲੀ ਖੱਬੇ-ਪੈਰ ਵਾਲੀ ਸਟ੍ਰਾਈਕ ਛੱਡ ਕੇ ਸਪੇਨ ਦੀ ਦੂਜੀ ਫੀਫਾ ਵਿਸ਼ਵ ਕੱਪ ਜਿੱਤ ‘ਤੇ ਮੋਹਰ ਲਗਾਈ।ਇਸ



ਜਿੱਤ ਨੇ ਸਪੇਨ ਲਈ ਇੱਕ ਸ਼ਾਨਦਾਰ ਟੂਰਨਾਮੈਂਟ ਨੂੰ ਸਮਾਪਤ ਕਰ ਦਿੱਤਾ, ਜੋ ਪੂਰੇ ਮੁਕਾਬਲੇ ਦੌਰਾਨ ਅਜੇਤੂ ਰਿਹਾ ਅਤੇ ਆਪਣੀ ਇਤਿਹਾਸਕ 2010 ਦੀ ਸਫਲਤਾ ਵਿੱਚ ਦੂਜਾ ਵਿਸ਼ਵ ਕੱਪ ਤਾਜ ਜੋੜਿਆ। ਚਾਰ ਸਾਲ ਪਹਿਲਾਂ ਕਤਰ ਵਿੱਚ ਚੈਂਪੀਅਨ ਅਰਜਨਟੀਨਾ, ਫੁੱਟਬਾਲ ਦੇ ਸਭ ਤੋਂ ਵੱਡੇ ਇਨਾਮ ਨੂੰ ਬਰਕਰਾਰ ਰੱਖਣ ਦੀ ਆਪਣੀ ਕੋਸ਼ਿਸ਼ ਵਿੱਚ ਨਾਕਾਮ ਰਿਹਾ।

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

Space available for Ad
Contact # +1 (209) 303-1260
Contact # +91 81463-20009

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
DRE #02114137
Simranveer Singh
Realtor
The JRP Group

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ **Pre-Approvals** ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਟਰੰਪ ਦੇ ਦੌਰ ਵਿਚ ਨੈਲਸਨ ਮੰਡੇਲਾ ਦੀ ਵਿਰਾਸਤ ਦੇ ਮਾਅਨੇ

Surjit Singh Flora
6 Havelock Drive
Brampton, Canada
647-829-9397



ਕਈ ਆਗੂ ਸੱਤਾ ਜਿੱਤਦੇ ਹਨ। ਨੈਲਸਨ ਮੰਡੇਲਾ ਨੇ ਸੱਤਾ ਮਿਲਣ ਮਗਰੋਂ ਇਹ ਸਵਾਲ ਖੜ੍ਹਾ ਕੀਤਾ ਕਿ ਉਸ ਨਾਲ ਕੀਤਾ ਕੀ ਜਾਵੇ।

ਉਨ੍ਹਾਂ ਦੀ ਵਿਰਾਸਤ ਦੱਖਣੀ ਅਫ਼ਰੀਕਾ ਦੇ ਅਪਾਰਥਾਈਡ ਤੱਕ ਸੀਮਿਤ ਨਹੀਂ। ਸਮਾਨਤਾ, ਕਰੁਣਾ, ਅਮਨ ਅਤੇ ਲੋਕ ਸੇਵਾ ਦੇ ਉਨ੍ਹਾਂ ਦੇ ਫ਼ੈਸਲੇ ਅੱਜ ਵੀ ਰਾਜਨੀਤੀ ਦੀ ਕਸੌਟੀ ਹਨ। 18 ਜੁਲਾਈ ਦਾ ਨੈਲਸਨ ਮੰਡੇਲਾ ਇੰਟਰਨੈਸ਼ਨਲ ਡੇ ਇਸੇ ਯਾਦ ਨੂੰ ਕੰਮ ਨਾਲ ਜੋੜਦਾ ਹੈ।

ਰਾਸ਼ਟਰਪਤੀ ਟਰੰਪ ਦੇ ਦੌਰ ਦੀ ਤਿੱਖੀ ਵੰਡ ਅਤੇ "ਅਮਰੀਕਾ ਫ਼ਰਸਟ" ਵਾਲੀ ਸੋਚ ਵਿਚ ਮੰਡੇਲਾ ਦਾ ਸਵਾਲ ਹੋਰ ਸਖ਼ਤ ਲੱਗਦਾ ਹੈ: ਕੀ ਹੱਕ ਦੀ ਲੜਾਈ ਬਿਨਾਂ ਨਫ਼ਰਤ ਦੇ ਜਿੱਤੀ ਜਾ ਸਕਦੀ ਹੈ?

ਅਪਾਰਥਾਈਡ ਸਿਰਫ਼ ਪੱਖਪਾਤੀ ਸੋਚ ਨਹੀਂ ਸੀ। ਉਹ ਕਾਨੂੰਨੀ ਢਾਂਚਾ ਸੀ ਜਿਸ ਨੇ ਕਾਲੇ ਦੱਖਣੀ ਅਫ਼ਰੀਕੀ ਲੋਕਾਂ ਦੀ ਵੋਟ, ਰਿਹਾਇਸ਼, ਜ਼ਮੀਨ, ਸਿੱਖਿਆ ਅਤੇ ਆਵਾਜਾਈ ਉੱਤੇ ਪਾਬੰਦੀਆਂ ਲਗਾਈਆਂ। ਬਹੁਗਿਣਤੀ ਆਪਣੇ ਹੀ ਦੇਸ਼ ਵਿਚ ਦੂਜੇ ਦਰਜੇ ਦੇ ਨਾਗਰਿਕ ਬਣਾ ਦਿੱਤੇ ਗਏ ਸਨ।

ਮੰਡੇਲਾ ਨੇ ਅਫ਼ਰੀਕਨ ਨੈਸ਼ਨਲ ਕਾਂਗਰਸ ਨਾਲ ਇਸ ਪ੍ਰਬੰਧ ਦਾ ਵਿਰੋਧ ਕੀਤਾ। ਉਸ ਦੀ ਕੀਮਤ 27 ਸਾਲ ਦੀ ਕੈਦ ਸੀ। ਰੋਬਨ ਆਇਲੈਂਡ ਦੀ ਕੈਦ ਨੇ ਉਨ੍ਹਾਂ ਨੂੰ ਚੁੱਪ ਨਹੀਂ ਕੀਤਾ, ਪਰ ਉਨ੍ਹਾਂ ਨੇ ਜੇਲ੍ਹ ਤੋਂ ਨਿਕਲ ਕੇ ਬਦਲੇ ਦੀ ਰਾਜਨੀਤੀ ਵੀ ਨਹੀਂ ਚੁਣੀ।

1994 ਵਿਚ ਮੰਡੇਲਾ ਦੱਖਣੀ ਅਫ਼ਰੀਕਾ ਦੇ ਪਹਿਲੇ ਲੋਕਤੰਤਰੀ ਢੰਗ ਨਾਲ ਚੁਣੇ ਗਏ ਕਾਲੇ ਰਾਸ਼ਟਰਪਤੀ ਬਣੇ। ਉਨ੍ਹਾਂ ਲਈ ਜਿੱਤ ਦਾ ਅਰਥ ਗੋਰਿਆਂ ਦੀ ਥਾਂ ਕਾਲਿਆਂ ਦਾ ਰਾਜ ਨਹੀਂ ਸੀ। ਅਰਥ ਸੀ, ਹਰ ਨਾਗਰਿਕ ਲਈ ਇੱਕੋ ਹੱਕ ਅਤੇ ਇੱਕੋ ਕਾਨੂੰਨ ਹੋਣਾ ਚਾਹਿੰਦਾ ਹੈ।

ਉਨ੍ਹਾਂ ਦੀ ਸਰਕਾਰ ਨੇ ਵੱਖ-ਵੱਖ ਨਸਲੀ ਪ੍ਰਸ਼ਾਸਨਾਂ ਨੂੰ ਜੋੜਿਆ। ਗਰੀਬ ਪਰਿਵਾਰਾਂ ਲਈ ਸਮਾਜਿਕ ਗ੍ਰਾਂਟਾਂ, ਛੇ ਸਾਲ ਤੋਂ ਘੱਟ ਬੱਚਿਆਂ ਅਤੇ ਗਰਭਵਤੀ ਔਰਤਾਂ ਲਈ ਮੁਫ਼ਤ ਸਿਹਤ ਸੇਵਾ, ਅਤੇ ਘੱਟ ਆਮਦਨ ਵਾਲੇ ਘਰਾਂ ਦੀ ਨੀਤੀ ਵੀ ਇਸ ਸੋਚ ਦਾ ਹਿੱਸਾ ਸੀ। ਸੱਤਾ ਉਨ੍ਹਾਂ ਲਈ ਨਿੱਜੀ ਮਾਣ ਨਹੀਂ, ਲੋਕ ਸੇਵਾ ਦਾ ਔਜ਼ਾਰ ਸੀ। ਜਿਥੇ ਕਿ ਟਰੰਪ ਲਈ ਇਕ ਕਮਾਈ ਦਾ ਜ਼ਰੀਆਂ ਹੈ।

ਮੰਡੇਲਾ ਨੇ ਪੀੜਤਾਂ ਦਾ ਦਰਦ ਨਕਾਰਿਆ ਨਹੀਂ। ਪਰ ਉਨ੍ਹਾਂ ਨੇ ਹਰ ਗੋਰੇ ਵਿਅਕਤੀ ਨੂੰ ਦੁਸ਼ਮਣ ਵੀ ਨਹੀਂ ਮੰਨਿਆ। ਇਹ ਫ਼ਰਕ ਛੋਟਾ ਨਹੀਂ ਸੀ। ਇੱਥੇ ਹੀ ਸਮਾਨਤਾ ਦੇ ਫ਼ੈਸਲਿਆਂ ਵਿਚ ਕਰੁਣਾ ਦੀ ਥਾਂ ਬਣਦੀ ਹੈ।

1996 ਤੋਂ 1998 ਤੱਕ ਚੱਲੇ ਸੱਚ ਅਤੇ ਮਿਲਾਪ ਕਮਿਸ਼ਨ ਨੇ ਅਪਾਰਥਾਈਡ ਦੇ ਜੁਰਮਾਂ ਨੂੰ ਜਨਤਕ ਕੀਤਾ। ਪ੍ਰਕਿਰਿਆ ਅਧੂਰੀ ਅਤੇ ਵਿਵਾਦਤ ਰਹੀ, ਪਰ ਇਸ ਨੇ ਚੁੱਪ ਨੂੰ ਨੀਤੀ ਨਹੀਂ ਬਣਨ ਦਿੱਤਾ। ਮਾਫ਼ੀ ਦਾ ਮਤਲਬ ਭੁੱਲ ਜਾਣਾ ਨਹੀਂ ਸੀ। ਮਤਲਬ ਸੀ ਨਿਆਂ ਲੱਭਦੇ ਹੋਏ ਮਨੁੱਖੀ ਮਰਿਆਦਾ ਨਾ ਗੁਆਉਣਾ।

1993 ਦਾ ਨੋਬਲ ਸ਼ਾਂਤੀ ਪੁਰਸਕਾਰ ਮੰਡੇਲਾ ਅਤੇ ਐਫ਼ ਡਬਲਿਊ ਡੀ ਕਲਰਕ ਨੂੰ ਇਕੱਠੇ ਮਿਲਿਆ। ਇਹ ਮਿਲਾਪ ਦਾ ਪ੍ਰਤੀਕ ਸੀ, ਬੇਇਨਸਾਫ਼ੀ ਦੀ ਸਫ਼ਾਈ ਜਾਂ ਭੀਖ ਨਹੀਂ।

ਮੰਡੇਲਾ ਨੇ ਅਗਵਾਈ ਨੂੰ ਹੁਕਮ ਚਲਾਉਣ ਨਾਲ ਨਹੀਂ ਜੋੜਿਆ। ਉਹ ਵਿਰੋਧੀਆਂ ਨਾਲ ਗੱਲ ਕਰਦੇ ਸਨ, ਸੁਣਦੇ ਸਨ ਅਤੇ ਸੰਸਥਾਵਾਂ ਨੂੰ ਵਿਅਕਤੀ ਤੋਂ ਉੱਪਰ ਰੱਖਦੇ ਸਨ।

1995 ਦੇ ਰਗਬੀ ਵਰਲਡ ਕੱਪ ਵਿਚ ਸਪ੍ਰਿੰਗਬੋਕਸ ਦੀ ਜਰਸੀ ਪਾ ਕੇ ਉਨ੍ਹਾਂ ਨੇ ਉਸ ਨਿਸ਼ਾਨ ਨੂੰ ਸਾਂਝੀ ਕੌਮੀ ਪਹਿਚਾਣ ਦਾ ਸਬੂਤ ਦਿੱਤਾ, ਜਿਸ ਨੂੰ ਕਈ ਕਾਲੇ ਲੋਕ ਗੋਰੇ ਰਾਜ ਦਾ ਚਿੰਨ੍ਹ ਮੰਨਦੇ ਸਨ।

1999 ਵਿਚ ਇੱਕ ਕਾਰਜਕਾਲ ਮਗਰੋਂ ਸੱਤਾ ਛੱਡਣਾ ਵੀ ਉਨ੍ਹਾਂ ਦਾ ਸਾਫ਼ ਸੰਦੇਸ਼ ਸੀ: ਲੋਕਤੰਤਰ ਕਿਸੇ ਇੱਕ ਵਿਅਕਤੀ ਦੀ ਜਾਇਦਾਦ ਨਹੀਂ।

## ਟਰੰਪ ਦੇ ਦੌਰ ਵਿਚ ਮੰਡੇਲਾ ਦੇ ਅਮਨ ਅਤੇ ਕਰੁਣਾ ਵਾਲੇ ਸਬਕ

ਮੰਡੇਲਾ ਅਤੇ ਡੋਨਾਲਡ ਟਰੰਪ ਦੀ ਤੁਲਨਾ ਦੋ ਵੱਖਰੇ ਇਤਿਹਾਸਾਂ ਅਤੇ ਦੋ ਵੱਖਰੀਆਂ ਅਗਵਾਈ ਸ਼ੈਲੀਆਂ ਦੀ ਤੁਲਨਾ ਹੈ। ਇਹ ਨਿੱਜੀ ਹਮਲਾ ਨਹੀਂ। ਪਰ ਰਾਜਨੀਤਕ ਭਾਸ਼ਾ ਲੋਕਾਂ ਨਾਲ ਕੀ ਕਰਦੀ ਹੈ, ਇਹ ਸਵਾਲ ਲਾਜ਼ਮੀ ਹੈ।

ਟਰੰਪ ਦੀ ਰਾਜਨੀਤੀ ਨੇ ਸਰਹੱਦਾਂ, ਰਾਸ਼ਟਰੀ ਸੁਰੱਖਿਆ ਅਤੇ ਅਮਰੀਕੀ ਆਰਥਿਕ ਹਿਤ ਨੂੰ ਕੇਂਦਰ ਵਿਚ ਰੱਖਿਆ। ਉਸ ਦੇ ਸਮਰਥਕਾਂ ਲਈ ਇਹ ਉਨ੍ਹਾਂ ਦੀ ਅਣਸੁਣੀ ਹੋਈ ਨਾਰਾਜ਼ਗੀ ਦੀ ਆਵਾਜ਼ ਸੀ। ਆਲੋਚਕਾਂ ਲਈ ਇਹ ਰਵੱਈਆ ਪਰਵਾਸੀਆਂ, ਘੱਟ ਗਿਣਤੀਆਂ ਅਤੇ ਵਿਰੋਧੀਆਂ ਬਾਰੇ ਸ਼ੱਕ ਨੂੰ ਤਾਕਤ ਦਿੰਦਾ ਰਿਹਾ।

ਮੰਡੇਲਾ ਦਾ ਜਵਾਬ ਹੋਰ ਕਿਸਮ ਦਾ ਸੀ। ਉਸ ਨੇ ਬਹੁਵਾਦ ਨੂੰ ਕਮਜ਼ੋਰੀ ਨਹੀਂ ਮੰਨਿਆ। ਉਨ੍ਹਾਂ ਦਾ ਅਫ਼ਰੀਕੀ ਵਿਚਾਰ "ਉਬੁੰਟੂ" ਕਹਿੰਦਾ ਹੈ ਕਿ ਮਨੁੱਖ ਦੂਜੇ ਮਨੁੱਖਾਂ ਨਾਲ ਰਿਸ਼ਤੇ ਵਿਚ ਹੀ ਪੂਰਾ ਹੁੰਦਾ ਹੈ।

ਅਮਨ ਟਕਰਾਅ ਤੋਂ ਭੱਜਣਾ ਨਹੀਂ, ਨਿਆਂ ਲਈ ਗੱਲਬਾਤ ਦਾ ਦਰਵਾਜ਼ਾ ਖੁੱਲ੍ਹਾ ਰੱਖਣਾ ਹੈ।

ਮੰਡੇਲਾ ਲਈ ਵਿਰੋਧੀ ਨਾਲ ਗੱਲ ਕਰਨਾ ਸਮਰਪਣ ਨਹੀਂ ਸੀ। ਉਹ ਬਦਲਾਅ ਦੀ ਸ਼ਰਤ ਸੀ। ਅੱਜ ਸੋਸ਼ਲ ਮੀਡੀਆ ਦੀ ਤਿੱਖੀ ਭਾਸ਼ਾ ਅਤੇ "ਅਸੀਂ ਬਨਾਮ ਉਹ" ਦੀ ਰਾਜਨੀਤੀ ਵਿਚ ਇਹ ਗੱਲ ਹੋਰ ਔਖੀ, ਪਰ ਹੋਰ ਜ਼ਰੂਰੀ ਹੈ।

ਅਸਹਿਮਤੀ ਲੋਕਤੰਤਰ ਦੀ ਖ਼ਰਾਬੀ ਨਹੀਂ। ਝੂਠ, ਤੋਹੀਨ ਅਤੇ ਦੂਜੇ ਪਾਸੇ ਨੂੰ ਦੇਸ਼-ਦੁਸ਼ਮਣ ਬਣਾਉਣਾ ਖ਼ਰਾਬੀ ਹੈ। ਤੱਥਾਂ ਦੀ ਜਾਂਚ, ਸੁਣਨ ਦੀ ਆਦਤ ਅਤੇ ਸ਼ਾਂਤ ਪਰ ਡਟਵੀਂ ਅਸਹਿਮਤੀ, ਇਹ ਸਭ ਅਮਨ ਲਈ ਰਾਹ ਬਣਾਉਂਦੇ ਹਨ ਜੋ ਬੁੱਢੇ ਹਾਊਮੈਂ ਨਾਲ ਭਰੇ ਟਰੰਪ ਦੇ ਕੰਨ ਤੱਕ ਵੀ ਨਹੀਂ ਸਿਰਕਦੀ ਪਰ ਫਿਰ ਵੀ ਉਹ ਅਮਨ- ਅਮਾਨ ਸ਼ਾਤੀ ਦੇ ਵਾਰ ਵਾਰ ਸਨਮਾਨ ਦੇ ਹੱਕ ਲਈ ਆਪਣੀ ਦਾਵੇਦਾਰੀ ਦੀ ਗੁਹਾਰ ਲਗਾਉਂਦਾ ਰਹਿੰਦਾ ਹੈ।

## "ਅਮਰੀਕਾ ਫ਼ਰਸਟ" ਤੋਂ ਪਰੇ ਸਾਂਝੀ ਮਨੁੱਖਤਾ

ਕਿਸੇ ਦੇਸ਼ ਦੀ ਸੁਰੱਖਿਆ ਅਤੇ ਖੁਸ਼ਹਾਲੀ ਮਹੱਤਵ ਰੱਖਦੀ ਹੈ। ਪਰ ਉਹ ਪਰਵਾਸੀਆਂ ਦੀ ਇੱਜ਼ਤ ਘਟਾ ਕੇ ਜਾਂ ਦੂਜੇ ਦੇਸ਼ਾਂ ਨੂੰ ਘੱਟਤਰ ਦਿਖਾ ਕੇ ਪੱਕੀ ਨਹੀਂ ਹੁੰਦੀ।

ਮੰਡੇਲਾ ਦੇ ਮਨੁੱਖੀ ਹੱਕਾਂ ਵਾਲੇ ਸੁਨੇਹੇ ਵਿਚ ਦੇਸ਼-ਪ੍ਰੇਮ ਅਤੇ ਮਨੁੱਖੀ ਮਰਿਆਦਾ ਇਕ-ਦੂਜੇ ਦੇ ਵਿਰੋਧੀ ਨਹੀਂ ਸਨ।

1990 ਵਿਚ ਮੰਡੇਲਾ ਦੀ ਅਮਰੀਕਾ ਯਾਤਰਾ ਬਾਰੇ ਟਰੰਪ ਸ਼ਟਲ ਦੀ ਉਡਾਣ ਨੂੰ ਤੋਹਫ਼ਾ ਕਹਿਣਾ ਗਲਤ ਹੈ। ਉਹ ਲਗਭਗ 130,000 ਡਾਲਰ ਦਾ ਵਪਾਰਕ ਕਿਰਾਇਆ ਸੀ। ਤੱਥਾਂ ਨੂੰ ਸਹੀ ਰੱਖਣਾ ਵੀ ਜਨਤਕ ਜੀਵਨ ਦੀ ਨੈਤਿਕਤਾ ਹੈ।

ਸੰਯੁਕਤ ਰਾਸ਼ਟਰ ਨੇ 2009 ਵਿਚ 18 ਜੁਲਾਈ ਨੂੰ ਨੈਲਸਨ ਮੰਡੇਲਾ ਇੰਟਰਨੈਸ਼ਨਲ ਡੇ ਐਲਾਨਿਆ। 2019 ਤੋਂ 2028 ਤੱਕ ਦਾ ਸਮਾਂ ਨੈਲਸਨ ਮੰਡੇਲਾ ਸ਼ਾਂਤੀ ਦਹਾਕਾ ਰਿਹਾ। ਇਹ ਸਨਮਾਨ ਸਿਰਫ਼ ਤਸਵੀਰਾਂ ਅਤੇ ਭਾਸ਼ਣਾਂ ਲਈ ਨਹੀਂ ਹਨ।

ਮੰਡੇਲਾ ਦਿਵਸ ਦਾ ਸਖ਼ਤ ਸੰਦੇਸ਼ ਹੈ ਕਿ ਗਰੀਬੀ ਅਤੇ ਅਸਮਾਨਤਾ ਕਿਸੇ ਹੋਰ ਦੀ ਸਮੱਸਿਆ ਨਹੀਂ। ਭੁੱਖੇ ਲਈ ਭੋਜਨ, ਸਕੂਲ ਲਈ ਸਹਾਇਤਾ, ਨਸਲੀ ਭੇਦਭਾਵ ਵਿਰੁੱਧ ਆਵਾਜ਼ ਅਤੇ ਗੁਆਂਢ ਵਿਚ ਭਰੋਸਾ, ਇਹੀ ਵਿਰਾਸਤ ਦਾ ਅਸਲ ਰੂਪ ਹੈ।

ਆਮ ਨਾਗਰਿਕ ਦੀ ਭੂਮਿਕਾ ਵੀ ਘੱਟ ਨਹੀਂ ਹੁੰਦੀ। ਅਣਗੌਲੇ ਕੀਤੇ ਵਿਅਕਤੀ ਨੂੰ ਧਿਆਨ ਨਾਲ ਸੁਣਨਾ, ਭੇਦਭਾਵ ਵਾਲੀ ਭਾਸ਼ਾ ਨੂੰ ਸਵਾਲ ਕਰਨਾ ਅਤੇ ਸਥਾਨਕ ਸੇਵਾ ਵਿਚ ਹਿੱਸਾ ਲੈਣਾ, ਇਹ ਨਿੱਕੇ ਕੰਮ ਸਮਾਜ ਦਾ ਮਿਜ਼ਾਜ ਬਦਲਦੇ ਹਨ।

ਵੋਟ ਪਾਉਣਾ, ਜਨਤਕ ਮੀਟਿੰਗ ਵਿਚ ਹਿੱਸਾ ਲੈਣਾ ਅਤੇ ਹੱਕਾਂ ਲਈ ਸ਼ਾਂਤ ਢੰਗ ਨਾਲ ਖੜ੍ਹਨਾ ਵੀ ਲੋਕਤੰਤਰ ਦੀ ਸੇਵਾ ਹੈ। ਮੰਡੇਲਾ ਦੀ ਵਿਰਾਸਤ ਕਿਸੇ ਮਹਾਨ ਭਾਸ਼ਣ ਦੀ ਉਡੀਕ ਨਹੀਂ ਕਰਦੀ।

ਮੰਡੇਲਾ ਦੀ ਮਹਾਨਤਾ ਅਪਾਰਥਾਈਡ ਵਿਰੁੱਧ ਜਿੱਤ ਵਿਚ ਹੀ ਨਹੀਂ ਸੀ। ਅਸਲ ਗੱਲ ਇਹ ਸੀ ਕਿ ਉਨ੍ਹਾਂ ਨੇ ਜਿੱਤ ਮਗਰੋਂ ਮਾਫ਼ੀ, ਮਿਲਾਪ ਅਤੇ ਸਮਾਨਤਾ ਨੂੰ ਚੁਣਿਆ।

ਟਰੰਪ ਦੇ ਦੌਰ ਦੀ ਵੰਡ ਭਰੀ ਰਾਜਨੀਤੀ ਦੇ ਸਾਹਮਣੇ ਉਨ੍ਹਾਂ ਦੀ ਕਰੁਣਾ, ਅਮਨ ਅਤੇ ਲੋਕ ਸੇਵਾ ਮਜ਼ਬੂਤ ਨੈਤਿਕ ਮਾਪਦੰਡ ਹਨ। ਮੰਡੇਲਾ ਦੀ ਵਿਰਾਸਤ ਯਾਦਗਾਰਾਂ ਵਿਚ ਨਹੀਂ ਰਹਿੰਦੀ। ਉਹ ਹਰ ਉਸ ਰੋਜ਼ਾਨਾ ਫ਼ੈਸਲੇ ਵਿਚ ਜਿਉਂਦੀ ਹੈ ਜੋ ਲੋਕਾਂ ਨੂੰ ਤੋੜਨ ਦੀ ਥਾਂ ਜੋੜਦੀ ਹੈ।

Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


Arrested ?
DUI ?
Drug Charges ?
Gun Violation ?
Ghuman Law Group
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਆਪਣੇ ਸੈਨਿਕਾਂ ਦੀ ਮੌਤ ਤੋਂ ਬਾਅਦ ਅਮਰੀਕਾ ਨੇ ਈਰਾਨ 'ਤੇ ਕੀਤਾ ਵੱਡਾ ਹਵਾਈ ਹਮਲਾ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਜਾਰਡਨ ਵਿੱਚ ਈਰਾਨੀ ਹਮਲੇ ਵਿੱਚ ਦੋ ਅਮਰੀਕੀ ਸੈਨਿਕ ਮਾਰੇ ਗਏ ਹਨ। ਇਨ੍ਹਾਂ ਮੌਤਾਂ ਨਾਲ ਈਰਾਨ ਯੁੱਧ ਵਿੱਚ ਮਾਰੇ ਗਏ ਅਮਰੀਕੀ ਸੈਨਿਕਾਂ ਦੀ ਕੁੱਲ ਗਿਣਤੀ 16 ਹੋ ਗਈ ਹੈ। ਇਸ ਹਮਲੇ ਤੋਂ ਕੁਝ ਘੰਟਿਆਂ ਬਾਅਦ, ਅਮਰੀਕਾ ਨੇ ਲਗਾਤਾਰ ਅੱਠਵੇਂ ਦਿਨ ਈਰਾਨ ਵਿਰੁੱਧ ਇੱਕ ਹੋਰ ਵੱਡੀ ਫੌਜੀ ਕਾਰਵਾਈ ਸ਼ੁਰੂ ਕੀਤੀ। ਐਤਵਾਰ ਨੂੰ ਭਾਰਤੀ ਸਮੇਂ ਅਨੁਸਾਰ ਸਵੇਰੇ 4:30 ਵਜੇ ਦੇ ਕਰੀਬ, ਅਮਰੀਕੀ ਫੌਜ ਨੇ ਰਾਸ਼ਟਰਪਤੀ ਦੇ ਨਿਰਦੇਸ਼ਾਂ 'ਤੇ ਈਰਾਨ ਵਿੱਚ ਨਵੇਂ ਹਵਾਈ ਹਮਲੇ ਕੀਤੇ। ਅਮਰੀਕਾ ਦਾ ਕਹਿਣਾ ਹੈ ਕਿ ਇਹ ਹਮਲੇ ਈਰਾਨ ਦੀਆਂ ਫੌਜੀ ਸਮਰੱਥਾਵਾਂ ਨੂੰ ਕਮਜ਼ੋਰ ਕਰਨ ਦੇ ਉਦੇਸ਼ ਨਾਲ ਹਨ, ਜੋ ਹੋਰਮੁਜ਼ ਜਲਡਮਰੂ ਵਿੱਚ ਅੰਤਰਰਾਸ਼ਟਰੀ ਸ਼ਿਪਿੰਗ ਨੂੰ ਖ਼ਤਰਾ ਪੈਦਾ ਕਰ ਸਕਦੇ ਹਨ। ਅਮਰੀਕਾ ਨੇ ਕਿਹਾ ਹੈ ਕਿ ਇਹ ਕਾਰਵਾਈ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਦੁਆਰਾ ਜਾਰਡਨ ਵਿੱਚ ਤਾਇਨਾਤ ਅਮਰੀਕੀ ਸੈਨਿਕਾਂ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਗਤੀਵਿਧੀਆਂ ਦੇ ਜਵਾਬ ਵਿੱਚ ਕੀਤੀ ਗਈ ਸੀ। ਯੂਐਸ ਸੈਂਟਰਲ ਕਮਾਂਡ (ਸੈਂਟਕਾਮ) ਦੇ ਅਨੁਸਾਰ, ਸ਼ੁੱਕਰਵਾਰ ਨੂੰ ਜਾਰਡਨ ਵਿੱਚ ਈਰਾਨੀ ਬੈਲਿਸਟਿਕ ਮਿਜ਼ਾਈਲ ਅਤੇ ਡਰੋਨ ਹਮਲਿਆਂ ਦੌਰਾਨ ਦੋ ਅਮਰੀਕੀ ਸੈਨਿਕ ਮਾਰੇ ਗਏ ਸਨ ਅਤੇ ਇੱਕ ਅਜੇ ਵੀ ਲਾਪਤਾ ਹੈ। ਚਾਰ ਹੋਰ ਸੈਨਿਕਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਅਤੇ ਬਾਅਦ ਵਿੱਚ ਛੁੱਟੀ ਦੇ ਦਿੱਤੀ ਗਈ।



ਕੁਝ ਹੋਰ ਜ਼ਖਮੀ ਸੈਨਿਕ ਇਲਾਜ ਤੋਂ ਬਾਅਦ ਡਿਊਟੀ 'ਤੇ ਵਾਪਸ ਆ ਗਏ ਹਨ। ਇਨ੍ਹਾਂ ਮੌਤਾਂ ਨਾਲ ਯੁੱਧ ਦੀ ਸ਼ੁਰੂਆਤ ਤੋਂ ਬਾਅਦ ਮਾਰੇ ਗਏ ਅਮਰੀਕੀ ਸੈਨਿਕਾਂ ਦੀ ਕੁੱਲ ਗਿਣਤੀ 16 ਹੋ ਗਈ ਹੈ, ਜਦੋਂ ਕਿ 430 ਤੋਂ ਵੱਧ ਜ਼ਖਮੀ ਹੋਏ ਹਨ। ਈਰਾਨ ਦੇ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ (ਆਈਆਰਜੀਸੀ) ਨੇ ਦਾਅਵਾ ਕੀਤਾ ਕਿ ਉਸਨੇ ਜਾਰਡਨ ਦੇ ਅਲ ਅਜ਼ਰਾਕ ਵਿੱਚ ਅਮਰੀਕੀ ਫੌਜੀ ਅੱਡੇ 'ਤੇ ਇੱਕ ਮਿਜ਼ਾਈਲ ਅਤੇ ਡਰੋਨ ਹਮਲਾ ਕੀਤਾ ਹੈ। ਈਰਾਨੀ ਸਰਕਾਰੀ ਟੀਵੀ ਨੇ ਦਾਅਵਾ ਕੀਤਾ ਕਿ ਹਮਲੇ ਵਿੱਚ ਘੱਟੋ-ਘੱਟ ਦੋ ਅਮਰੀਕੀ ਲੜਾਕੂ ਜਹਾਜ਼ ਅਤੇ ਤਿੰਨ ਹੋਰ ਜਹਾਜ਼ ਤਬਾਹ ਹੋ ਗਏ। ਹਾਲਾਂਕਿ, ਜਾਰਡਨ ਦੀ ਫੌਜ ਨੇ ਕਿਹਾ ਕਿ ਉਸਦੇ ਹਵਾਈ ਰੱਖਿਆ ਪ੍ਰਣਾਲੀ ਨੇ 10 ਈਰਾਨੀ ਮਿਜ਼ਾਈਲਾਂ ਨੂੰ ਹਵਾ ਵਿੱਚ ਸੁੱਟ ਦਿੱਤਾ ਹੈ ਅਤੇ ਦੇਸ਼ ਵਿੱਚ ਕੋਈ ਜ਼ਖਮੀ ਜਾਂ ਜਾਨੀ ਨੁਕਸਾਨ ਨਹੀਂ ਹੋਇਆ ਹੈ।

# 8 ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਸਲੀਪਰ ਕੈਬ ਵਿੱਚ ਲੁਕਾ ਕੇ ਲਿਜਾ ਰਿਹਾ ਟਰੱਕ ਡਰਾਈਵਰ ਗ੍ਰਿਫ਼ਤਾਰ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਬਾਰਡਰ ਪੈਟਰੋਲ ਨੇ ਟੈਕਸਾਸ ਦੇ ਲਾਰੇਡੋ ਸੈਕਟਰ ਵਿੱਚ ਇੱਕ ਟਰੱਕ ਡਰਾਈਵਰ ਨੂੰ ਉਸ ਵੇਲੇ ਗ੍ਰਿਫ਼ਤਾਰ ਕਰ ਲਿਆ, ਜਦੋਂ ਰੁਟੀਨ ਚੈਕਿੰਗ ਦੌਰਾਨ ਟਰੱਕ ਦੇ ਸਲੀਪਰ ਕੈਬ ਵਿੱਚ ਲੁਕੇ ਹੋਏ ਅੱਠ ਗੈਰ-ਕਾਨੂੰਨੀ ਪ੍ਰਵਾਸੀ ਮਿਲੇ। ਅਧਿਕਾਰੀਆਂ ਮੁਤਾਬਕ ਇਹ ਮਨੁੱਖੀ ਤਸਕਰੀ ਦਾ ਮਾਮਲਾ ਹੈ। ਘਟਨਾ ਇੱਕ ਇਮੀਗ੍ਰੇਸ਼ਨ ਚੈਕਪੁਆਇੰਟ 'ਤੇ ਵਾਪਰੀ, ਜਿੱਥੇ ਬਾਰਡਰ ਪੈਟਰੋਲ ਏਜੰਟਾਂ ਨੇ ਟਰੱਕ ਦੀ ਜਾਂਚ ਕੀਤੀ। ਜਾਂਚ ਦੌਰਾਨ ਡਰਾਈਵਰ ਦੇ ਆਰਾਮ ਕਰਨ ਲਈ ਬਣੇ ਸਲੀਪਰ ਕੈਬ ਵਿੱਚ ਕਈ ਲੋਕਾਂ ਨੂੰ ਲੁਕਿਆ ਹੋਇਆ ਦੇਖ ਕੇ ਅਧਿਕਾਰੀ ਹੈਰਾਨ ਰਹਿ ਗਏ। ਬਾਰਡਰ ਪੈਟਰੋਲ ਨੇ ਦੱਸਿਆ ਕਿ ਸਲੀਪਰ ਕੈਬ ਸਿਰਫ਼ ਡਰਾਈਵਰ ਦੇ ਆਰਾਮ ਲਈ ਹੁੰਦੀ ਹੈ, ਪਰ ਇਸ ਮਾਮਲੇ ਵਿੱਚ ਇਸ ਦੀ ਵਰਤੋਂ ਲੋਕਾਂ ਨੂੰ ਲੁਕਾ ਕੇ ਸਰਹੱਦ ਪਾਰ ਲਿਜਾਣ ਲਈ ਕੀਤੀ ਜਾ ਰਹੀ ਸੀ। ਅਧਿਕਾਰੀਆਂ ਨੇ ਤੁਰੰਤ ਡਰਾਈਵਰ ਨੂੰ ਹਿਰਾਸਤ ਵਿੱਚ ਲੈ ਲਿਆ ਅਤੇ ਸਾਰੇ ਅੱਠ ਵਿਅਕਤੀਆਂ ਨੂੰ ਵੀ ਕਸਟਡੀ ਵਿੱਚ ਲੈ ਕੇ ਉਨ੍ਹਾਂ ਦੀ ਇਮੀਗ੍ਰੇਸ਼ਨ ਸਥਿਤੀ ਦੀ ਜਾਂਚ ਸ਼ੁਰੂ ਕਰ ਦਿੱਤੀ। ਅਧਿਕਾਰੀਆਂ ਮੁਤਾਬਕ ਟਰੱਕ ਡਰਾਈਵਰ 'ਤੇ ਮਨੁੱਖੀ ਤਸਕਰੀ ਅਤੇ ਗੈਰ-ਕਾਨੂੰਨੀ ਪ੍ਰਵਾਸੀਆਂ ਦੀ ਢੋਆ-ਢੁਆਈ ਨਾਲ ਸੰਬੰਧਿਤ ਸੰਘੀ ਦੋਸ਼ ਲਗਾਏ ਜਾ ਸਕਦੇ ਹਨ। ਦੋਸ਼ ਸਾਬਤ ਹੋਣ 'ਤੇ ਉਸ ਨੂੰ ਭਾਰੀ ਜੁਰਮਾਨੇ ਦੇ ਨਾਲ ਲੰਬੀ ਕੈਦ ਦੀ ਸਜ਼ਾ ਵੀ ਹੋ ਸਕਦੀ ਹੈ। ਅਮਰੀਕੀ ਬਾਰਡਰ ਪੈਟਰੋਲ ਨੇ ਕਿਹਾ ਕਿ ਦੱਖਣੀ ਸਰਹੱਦ 'ਤੇ ਮਨੁੱਖੀ ਤਸਕਰੀ ਦੇ ਨੈੱਟਵਰਕ ਖ਼ਿਲਾਫ਼ ਕਾਰਵਾਈ ਲਗਾਤਾਰ ਜਾਰੀ ਹੈ ਅਤੇ ਚੈਕਪੁਆਇੰਟਾਂ 'ਤੇ ਸਖ਼ਤ ਨਿਗਰਾਨੀ ਕਾਰਨ ਅਜਿਹੇ ਕਈ ਮਾਮਲੇ ਸਾਹਮਣੇ ਆ ਰਹੇ ਹਨ।



ਟਰੰਪ ਪ੍ਰਸ਼ਾਸਨ ਦਾ ਦਾਅਵਾ: ਕੈਲੀਫੋਰਨੀਆ ਸਮੇਤ 4 ਰਾਜਾਂ ਵਿੱਚ 2.5 ਲੱਖ ਤੋਂ ਵੱਧ ਸੰਭਾਵਿਤ ਗੈਰ-ਨਾਗਰਿਕ ਵੋਟਰ ਰਜਿਸਟ੍ਰੇਸ਼ਨਾਂ ਦੀ ਜਾਂਚ, ਸਬੂਤਾਂ ਦੀ ਮੰਗ ਤੇਜ਼

ਵਾਸ਼ਿੰਗਟਨ: ਟਰੰਪ ਪ੍ਰਸ਼ਾਸਨ ਨੇ ਦਾਅਵਾ ਕੀਤਾ ਹੈ ਕਿ ਸ਼ੁਰੂਆਤੀ ਸੰਘੀ ਜਾਂਚ ਦੌਰਾਨ ਕੈਲੀਫੋਰਨੀਆ, ਨਿਊ ਜਰਸੀ, ਨੇਵਾਡਾ ਅਤੇ ਪੈਨਸਿਲਵੇਨੀਆ ਵਿੱਚ 2,56,463 ਸੰਭਾਵਿਤ ਗੈਰ-ਅਮਰੀਕੀ ਨਾਗਰਿਕਾਂ ਦੀਆਂ ਵੋਟਰ ਰਜਿਸਟ੍ਰੇਸ਼ਨਾਂ ਦੀ ਪਛਾਣ ਕੀਤੀ ਗਈ ਹੈ। ਵ੍ਹਾਈਟ ਹਾਊਸ ਦਾ ਕਹਿਣਾ ਹੈ ਕਿ ਦੇਸ਼ ਭਰ ਵਿੱਚ ਇਹ ਗਿਣਤੀ ਲਗਭਗ 2,78,000 ਹੋ ਸਕਦੀ ਹੈ। ਹਾਲਾਂਕਿ, ਇਹ ਅੰਕੜੇ ਸ਼ੁਰੂਆਤੀ ਸਮੀਖਿਆ 'ਤੇ ਆਧਾਰਿਤ ਹਨ ਅਤੇ ਗੈਰ-ਕਾਨੂੰਨੀ ਵੋਟਿੰਗ ਦਾ ਸਬੂਤ ਨਹੀਂ ਮੰਨੇ ਗਏ। ਡੀਐਚਐਸ ਮੁਤਾਬਕ ਕੈਲੀਫੋਰਨੀਆ ਵਿੱਚ 1,90,832, ਨਿਊ ਜਰਸੀ ਵਿੱਚ 35,152, ਨੇਵਾਡਾ ਵਿੱਚ 15,903 ਅਤੇ ਪੈਨਸਿਲਵੇਨੀਆ ਵਿੱਚ 14,576 ਸੰਭਾਵਿਤ ਗੈਰ-ਨਾਗਰਿਕ ਵੋਟਰ ਰਜਿਸਟ੍ਰੇਸ਼ਨਾਂ ਦੀ ਪਛਾਣ ਕੀਤੀ ਗਈ ਹੈ। ਚਾਰਾਂ ਰਾਜਾਂ ਨੂੰ ਦੋ ਹਫ਼ਤਿਆਂ ਅੰਦਰ ਆਪਣੀਆਂ ਵੋਟਰ ਸੂਚੀਆਂ ਦੀ ਸਮੀਖਿਆ ਕਰਕੇ ਜਵਾਬ ਦੇਣ ਲਈ ਕਿਹਾ ਗਿਆ ਹੈ।

ਡੀਐਚਐਸ ਦਾ ਕਹਿਣਾ ਹੈ ਕਿ ਸੰਘੀ ਚੋਣਾਂ ਵਿੱਚ ਸਿਰਫ਼ ਅਮਰੀਕੀ ਨਾਗਰਿਕ ਹੀ ਵੋਟ ਪਾ ਸਕਦੇ ਹਨ। ਪਰ ਵਿਵਾਦ ਇਸ ਗੱਲ ਨੂੰ ਲੈ ਕੇ ਖੜ੍ਹਾ ਹੋਇਆ ਹੈ ਕਿ ਵਿਭਾਗ ਨੇ ਅਜੇ ਤੱਕ ਨਾ ਤਾਂ ਚਿੰਨ੍ਹਿਤ ਵਿਅਕਤੀਆਂ ਦੀ ਸੂਚੀ ਜਾਰੀ ਕੀਤੀ ਹੈ ਅਤੇ ਨਾ ਹੀ ਇਹ ਸਬੂਤ ਦਿੱਤਾ ਹੈ ਕਿ ਉਨ੍ਹਾਂ ਵਿੱਚੋਂ ਕਿਸੇ ਨੇ ਗੈਰ-ਕਾਨੂੰਨੀ ਤਰੀਕੇ ਨਾਲ ਵੋਟ ਪਾਈ ਹੈ।

ਵਿਸ਼ੇਸ਼ਗਿਆਨ ਕਹਿੰਦੇ ਹਨ ਕਿ ਪੁਰਾਣੇ ਇਮੀਗ੍ਰੇਸ਼ਨ ਰਿਕਾਰਡ ਅਤੇ ਮੌਜੂਦਾ ਵੋਟਰ ਸੂਚੀਆਂ ਦਾ ਮੇਲ ਕਈ ਵਾਰ ਗਲਤ ਨਤੀਜੇ ਦੇ ਸਕਦਾ ਹੈ, ਕਿਉਂਕਿ ਕਈ ਲੋਕ ਬਾਅਦ ਵਿੱਚ ਅਮਰੀਕੀ ਨਾਗਰਿਕ ਬਣ ਜਾਂਦੇ ਹਨ ਅਤੇ ਫਿਰ ਕਾਨੂੰਨੀ ਤੌਰ 'ਤੇ ਵੋਟਰ ਵਜੋਂ ਰਜਿਸਟਰ ਹੋ ਸਕਦੇ ਹਨ।

ਡੀਐਚਐਸ ਨੇ ਇਹ ਵੀ ਦੱਸਿਆ ਕਿ ਕੁਝ ਰਿਕਾਰਡਾਂ ਵਿੱਚ ਨਾਮ, ਜਨਮ ਮਿਤੀ, ਪਤਾ ਅਤੇ ਸੋਸ਼ਲ ਸਿਕਿਉਰਿਟੀ ਨੰਬਰ ਦੇ ਆਧਾਰ 'ਤੇ ਮਜ਼ਬੂਤ ਮੇਲ ਮਿਲੇ ਹਨ। ਇਨ੍ਹਾਂ ਵਿੱਚ ਕੈਲੀਫੋਰਨੀਆ ਦੇ 81,336, ਨਿਊ ਜਰਸੀ ਦੇ 19,497, ਨੇਵਾਡਾ ਦੇ 8,576 ਅਤੇ ਪੈਨਸਿਲਵੇਨੀਆ ਦੇ 8,594 ਰਿਕਾਰਡ ਸ਼ਾਮਲ ਹਨ। ਫਿਰ ਵੀ, ਅਜਿਹਾ ਮੇਲ ਇਹ ਸਾਬਤ ਨਹੀਂ ਕਰਦਾ ਕਿ ਰਜਿਸਟ੍ਰੇਸ਼ਨ ਵੇਲੇ ਉਹ ਵਿਅਕਤੀ ਗੈਰ-ਨਾਗਰਿਕ ਹੀ ਸੀ। ਚੋਣ ਮਾਹਿਰਾਂ ਦਾ ਕਹਿਣਾ ਹੈ ਕਿ ਵੋਟਰ ਰਜਿਸਟ੍ਰੇਸ਼ਨ ਅਤੇ ਗੈਰ-ਕਾਨੂੰਨੀ ਵੋਟ ਪਾਉਣਾ ਦੋ ਵੱਖ-ਵੱਖ ਗੱਲਾਂ ਹਨ। ਕਿਸੇ ਵਿਅਕਤੀ ਦਾ ਨਾਮ ਸੂਚੀ ਵਿੱਚ ਹੋਣਾ ਇਸ ਗੱਲ ਦਾ ਸਬੂਤ ਨਹੀਂ ਕਿ ਉਸ ਨੇ ਗੈਰ-ਕਾਨੂੰਨੀ ਵੋਟ ਪਾਈ ਹੈ।

ਕੈਲੀਫੋਰਨੀਆ ਦੇ ਗਵਰਨਰ ਗੈਵਿਨ ਨਿਊਸਮ ਨੇ ਕਿਹਾ ਕਿ ਰਾਜ ਨੂੰ ਅਜੇ ਤੱਕ ਕੋਈ ਠੋਸ ਸਬੂਤ ਨਹੀਂ ਦਿੱਤਾ ਗਿਆ। ਉੱਧਰ, ਪੈਨਸਿਲਵੇਨੀਆ ਦੇ ਚੋਣ ਅਧਿਕਾਰੀਆਂ ਨੇ ਕਿਹਾ ਕਿ ਧ੍ਰਸ਼ ਜੇ ਆਪਣੀ ਸੂਚੀ ਅਤੇ ਜਾਂਚ ਦੀ ਵਿਧੀ ਸਾਂਝੀ ਕਰੇਗਾ ਤਾਂ ਉਸ ਦੀ ਪੂਰੀ ਪੜਤਾਲ ਕੀਤੀ ਜਾਵੇਗੀ। ਪਿਛਲੀਆਂ ਜਾਂਚਾਂ ਵੀ ਦੱਸਦੀਆਂ ਹਨ ਕਿ ਸ਼ੁਰੂਆਤੀ ਤੌਰ 'ਤੇ ਚਿੰਨ੍ਹਿਤ ਕਈ ਮਾਮਲੇ ਬਾਅਦ ਵਿੱਚ ਗਲਤ ਸਾਬਤ ਹੋਏ।

ਆਇਓਵਾ ਵਿੱਚ 2,176 ਸੰਭਾਵਿਤ ਮਾਮਲੇ ਜਾਂਚ ਤੋਂ ਬਾਅਦ 277 ਰਹਿ ਗਏ, ਜਦਕਿ ਮਿਸ਼ੀਗਨ ਵਿੱਚ ਲੱਖਾਂ ਰਿਕਾਰਡਾਂ ਦੀ ਜਾਂਚ ਦੌਰਾਨ ਸਿਰਫ਼ 16 ਸੰਭਾਵਿਤ ਗੈਰ-ਨਾਗਰਿਕਾਂ ਵੱਲੋਂ ਵੋਟ ਪਾਉਣ ਦੇ ਮਾਮਲੇ ਸਾਹਮਣੇ ਆਏ। ਇਸੇ ਦੌਰਾਨ ਟਰੰਪ ਪ੍ਰਸ਼ਾਸਨ ਵੋਟਰ ਰਜਿਸਟ੍ਰੇਸ਼ਨ ਲਈ ਪਾਸਪੋਰਟ, ਜਨਮ ਸਰਟੀਫਿਕੇਟ ਜਾਂ ਨੈਚਰਲਾਈਜ਼ੇਸ਼ਨ ਸਰਟੀਫਿਕੇਟ ਵਰਗੇ ਨਾਗਰਿਕਤਾ ਦੇ ਦਸਤਾਵੇਜ਼ ਲਾਜ਼ਮੀ ਕਰਨ ਦੀ ਵਕਾਲਤ ਕਰ ਰਿਹਾ ਹੈ। ਸਮਰਥਕ ਇਸ ਨੂੰ ਚੋਣ ਸੁਰੱਖਿਆ ਲਈ ਜ਼ਰੂਰੀ ਦੱਸ ਰਹੇ ਹਨ, ਜਦਕਿ ਵਿਰੋਧੀਆਂ ਦਾ ਕਹਿਣਾ ਹੈ ਕਿ ਇਸ ਨਾਲ ਕਾਨੂੰਨੀ ਨਾਗਰਿਕਾਂ ਲਈ ਵੀ ਰਜਿਸਟ੍ਰੇਸ਼ਨ ਵਿੱਚ ਬੇਲੋੜੀਆਂ ਰੁਕਾਵਟਾਂ ਆ ਸਕਦੀਆਂ ਹਨ।

# ਭੂਚਾਲ ਦੇ ਤੇਜ਼ ਝਟਕਿਆਂ ਨਾਲ ਦਹਿਲਿਆ ਪੇਰੂ ! ਪੰਜ ਲੋਕਾਂ ਦੀ ਮੌਤ

ਐਂਡੀਜ਼
ਸਾਂਝੀ ਸੋਚ ਬਿਊਰੋ

ਪੇਰੂ ਦੇ ਐਂਡੀਜ਼ ਖੇਤਰ ਵਿੱਚ 5.5 ਤੀਬਰਤਾ ਦਾ ਭੂਚਾਲ ਆਉਣ ਕਾਰਨ ਘੱਟੋ-ਘੱਟ ਪੰਜ ਲੋਕਾਂ ਦੀ ਮੌਤ ਹੋ ਗਈ। ਸਥਾਨਕ ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਇਸ ਹਾਦਸੇ ਵਿੱਚ 20 ਤੋਂ ਵੱਧ ਲੋਕ ਜ਼ਖਮੀ ਹੋਏ ਹਨ, ਜਦੋਂ ਕਿ ਹੁਣ ਤੱਕ 300 ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਹੈ। ਅਮਰੀਕੀ ਭੂ-ਵਿਗਿਆਨਕ ਸਰਵੇਖਣ ਦੇ ਅਨੁਸਾਰ, ਭੂਚਾਲ ਸ਼ਨੀਵਾਰ ਰਾਤ ਸਥਾਨਕ ਸਮੇਂ ਅਨੁਸਾਰ 9:24 ਵਜੇ ਆਇਆ। ਇਸ ਦਾ ਕੇਂਦਰ ਹੁਆਨਕਾਯੋ ਸੂਬੇ ਦੇ ਸਿਕਾਇਆ ਸ਼ਹਿਰ ਤੋਂ ਦੋ ਕਿਲੋਮੀਟਰ ਪੱਛਮ-ਦੱਖਣ ਪੱਛਮ ਵਿੱਚ ਸੀ। ਭੂਚਾਲ ਦੀ ਡੂੰਘਾਈ 10 ਕਿਲੋਮੀਟਰ ਦਰਜ ਕੀਤੀ ਗਈ। ਪੇਰੂ ਦੇ ਰਾਸ਼ਟਰੀ ਨਾਗਰਿਕ ਸੁਰੱਖਿਆ ਸੰਸਥਾਨ ਨੇ ਇੱਕ ਬਿਆਨ ਵਿੱਚ ਕਿਹਾ ਕਿ ਲਾਪਤਾ ਲੋਕਾਂ ਦੀ ਗਿਣਤੀ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ। ਭੂਚਾਲ ਕਾਰਨ ਕਈ ਇਮਾਰਤਾਂ ਢਹਿ ਗਈਆਂ ਜਾਂ ਉਨ੍ਹਾਂ ਨੂੰ ਭਾਰੀ ਨੁਕਸਾਨ ਪਹੁੰਚਿਆ। ਸਥਾਨਕ ਮੀਡੀਆ ਵਿੱਚ ਦਿਖਾਈਆਂ ਗਈਆਂ ਤਸਵੀਰਾਂ ਵਿੱਚ ਸਭ ਤੋਂ ਵੱਧ ਪ੍ਰਭਾਵਿਤ ਖੇਤੀਬਾੜੀ ਖੇਤਰ ਚੋਂਗੋ ਬਾਜੋ ਵਿੱਚ ਲੋਕਾਂ ਨੂੰ ਨੁਕਸਾਨੇ ਗਏ ਘਰਾਂ ਦੇ ਬਾਹਰ ਕੰਬਲਾਂ ਵਿੱਚ ਬੈਠੇ ਦੇਖਿਆ ਗਿਆ।







ਕਈ ਵੀਰਾਂ ਦੇ
**LICENSE CANCEL**
ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।

## ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ

ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ

**Green Card ਨਹੀਂ ਹੈ | I-485 Application ਅਜੇ Pending ਹੈ।**

# Ghuman Law Group ਤੁਹਾਡੇ ਨਾਲ ਹੈ

ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :



Green Card Case ਨੂੰ ਜਲਦੀ ਹੱਲ ਕਰਨ ਵਿੱਚ



CDL ਅਤੇ ਕੰਮ ਨੂੰ ਬਚਾਉਣ ਲਈ Legal Guidance



Deportation ਜਾਂ Immigration Detention Cases ਵਿੱਚ Legal Advice



Appeals ਅਤੇ Immigration Process ਵਿੱਚ ਸਹਾਇਤਾ



Estate Planning ਰਾਹੀਂ Property ਅਤੇ Assets ਨੂੰ safe ਕਰਨ ਵਿੱਚ ਮਦਦ



ਤੁਹਾਡੇ ਪਰਿਵਾਰ ਦੇ ਭਵਿੱਖ ਨੂੰ Secure ਬਣਾਉਣ ਵਿੱਚ ਸਹਾਇਤਾ

GHUMAN LAW GROUP INC.
Criminal Defense, Family and Immigration Law

Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ

**ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)**

Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਪੰਜਾਬ ਸਰਕਾਰ ਵੱਲੋਂ ਸੁਖਦੇਵ ਸਿੰਘ ਪੱਡਾ ਹਲਕਾ ਬਾਬਾ ਬਕਾਲਾ ਸਾਹਿਬ ਤੋਂ ਰਾਮਗੜ੍ਹੀਆ ਵੈਲਫੇਅਰ ਬੋਰਡ ਅਤੇ ਚੰਦਨ ਲੁਥਰਾ ਸਵਰਨਕਾਰ ਬੋਰਡ ਦੇ ਚੇਅਰਮੈਨ ਨਿਯੁਕਤ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਨਾਲ ਸਬੰਧਤ ਆਮ ਆਦਮੀ ਪਾਰਟੀ ਦੇ ਆਗੂ ਅਤੇ ਨਗਰ ਪੰਚਾਇਤ ਰਈਆ ਦੇ ਵਾਰਡ ਨੰਬਰ 10 ਤੋ ਕੋਸਲਰ ਸੁਖਦੇਵ ਸਿੰਘ ਪੱਡਾ ਨੂੰ ਰਾਮਗੜ੍ਹੀਆ ਵੈਲਫੇਅਰ ਬੋਰਡ ਦਾ ਚੇਅਰਮੈਨ ਅਤੇ ਚੰਦਨ ਲੁਥਰਾ ਨੂੰ ਸਵਰਨਕਾਰ ਵੈਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਅੱਜ ਸੁਖਦੇਵ ਸਿੰਘ ਪੱਡਾ ਅਤੇ ਚੰਦਨ ਲੁਥਰਾ ਆਪਣੇ ਸਾਥੀਆ ਸਮੇਤ ਦਲਬੀਰ ਸਿੰਘ ਟੌਂਗ ਹਲਕਾ ਵਿਧਾਇਕ ਬਾਬਾ ਬਕਾਲਾ ਸਾਹਿਬ ਦੇ ਦਫ਼ਤਰ ਪਿੰਡ ਟੌਂਗ ਪਹੁੰਚੇ ਤਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਉਨਾ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਆਪਣੀ ਨਿਯੁਕਤੀ 'ਤੇ ਖੁਸ਼ੀ ਅਤੇ ਧੰਨਵਾਦ ਪ੍ਰਗਟ ਕਰਦਿਆਂ ਸੁਖਦੇਵ ਸਿੰਘ ਪੱਡਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਹੈ।

ਸੁਖਦੇਵ ਸਿੰਘ ਪੱਡਾ ਨੇ ਕਿਹਾ ਕਿ ਉਨ੍ਹਾਂ 'ਤੇ ਵਿਸ਼ਵਾਸ ਪ੍ਰਗਟਾਉਂਦਿਆਂ ਇਸ ਮਹੱਤਵਪੂਰਨ ਜ਼ਿੰਮੇਵਾਰੀ ਲਈ ਯੋਗ ਸਮਝਣਾ ਉਨ੍ਹਾਂ ਲਈ ਬੇਹੱਦ ਮਾਣ ਅਤੇ ਸਨਮਾਨ ਦੀ ਗੱਲ ਹੈ।

ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ, ਪਾਰਟੀ ਲੀਡਰਸ਼ਿਪ ਅਤੇ ਸਮੂਹ ਮੈਂਬਰਾਂ ਦੇ ਇਸ ਭਰੋਸੇ ਲਈ ਸਦਾ ਰਿਣੀ ਰਹਿਣਗੇ ਅਤੇ ਇਸ ਅਹਿਮ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਨਿਸ਼ਠਾ, ਲਗਨ ਅਤੇ ਤਨਦੇਹੀ ਨਾਲ ਨਿਭਾਵਾਂਗਾ।

ਬੋਰਡ ਦੇ ਉਦੇਸ਼ਾਂ ਅਤੇ ਲੋਕ ਭਲਾਈ ਦੇ ਟੀਚਿਆਂ ਨੂੰ ਸਾਕਾਰ ਕਰਨ ਲਈ ਆਪਣੀ ਪੂਰੀ ਸਮਰੱਥਾ ਨਾਲ ਕੰਮ ਕਰਾਂਗਾ ਅਤੇ ਸਭ ਨੂੰ ਨਾਲ ਲੈ ਕੇ ਅੱਗੇ ਵਧਾਂਗਾ।

ਉਨਾ ਨੇ ਉਮੀਦ ਜ਼ਾਹਿਰ ਕੀਤੀ ਕਿ ਭਵਿੱਖ ਵਿੱਚ ਵੀ ਪਾਰਟੀ ਲੀਡਰਸ਼ਿਪ ਅਤੇ ਸਮੂਹ ਮੈਂਬਰਾਂ ਦਾ ਮਾਰਗਦਰਸ਼ਨ ਅਤੇ ਸਹਿਯੋਗ ਇਸੇ ਤਰ੍ਹਾਂ ਮਿਲਦਾ ਰਹੇਗਾ। ਉਨ੍ਹਾਂ ਇੱਕ ਵਾਰ ਫਿਰ ਪੰਜਾਬ ਸਰਕਾਰ ਅਤੇ ਪਾਰਟੀ ਲੀਡਰਸ਼ਿਪ ਦਾ ਇਸ ਵੱਡੇ ਸਨਮਾਨ ਅਤੇ ਭਰੋਸੇ ਲਈ ਦਿਲੋਂ ਧੰਨਵਾਦ ਕੀਤਾ।




# ਅਮਰੀਕਾ ਨੇ ਇਮੀਗ੍ਰੈਂਟ ਅਤੇ ਨਾਨ-ਇਮੀਗ੍ਰੈਂਟ ਵੀਜ਼ਾ ਇੰਟਰਵਿਊ ਨਿਯਮ ਕੀਤੇ ਹੋਰ ਸਖ਼ਤ

## ਹੁਣ ਆਪਣੇ ਹੀ ਦੇਸ਼ ਜਾਂ ਰਿਹਾਇਸ਼ ਵਾਲੇ ਦੇਸ਼ ਵਿੱਚ ਦੇਣੀ ਪਵੇਗੀ ਇੰਟਰਵਿਊ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਵਿਦੇਸ਼ ਮੰਤਰਾਲੇ ਨੇ ਇਮੀਗ੍ਰੈਂਟ ਅਤੇ ਨਾਨ-ਇਮੀਗ੍ਰੈਂਟ ਵੀਜ਼ਾ ਬਿਨੈਕਾਰਾਂ ਲਈ ਇੰਟਰਵਿਊ ਸਬੰਧੀ ਨਵੇਂ ਅਤੇ ਹੋਰ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। 15 ਜੁਲਾਈ ਨੂੰ ਜਾਰੀ ਕੀਤੀ ਗਈ ਨਵੀਂ ਗਾਈਡਲਾਈਨ ਅਨੁਸਾਰ ਹੁਣ ਜ਼ਿਆਦਾਤਰ ਬਿਨੈਕਾਰਾਂ ਨੂੰ ਆਪਣਾ ਵੀਜ਼ਾ ਇੰਟਰਵਿਊ ਆਪਣੇ ਨਾਗਰਿਕਤਾ ਵਾਲੇ ਦੇਸ਼ ਜਾਂ ਕਾਨੂੰਨੀ ਰਿਹਾਇਸ਼ ਵਾਲੇ ਦੇਸ਼ ਵਿੱਚ ਹੀ ਦੇਣਾ ਹੋਵੇਗਾ। ਸਿਰਫ਼ ਮਾਨਵਤਾਵਾਦੀ, ਮੈਡੀਕਲ ਐਮਰਜੈਂਸੀ, ਕੂਟਨੀਤਿਕ ਜਾਂ ਅਮਰੀਕੀ ਵਿਦੇਸ਼ ਨੀਤੀ ਨਾਲ ਜੁੜੇ ਵਿਸ਼ੇਸ਼ ਮਾਮਲਿਆਂ ਵਿੱਚ ਹੀ ਛੋਟ ਦਿੱਤੀ ਜਾਵੇਗੀ। ਇਹ ਨਵੇਂ ਨਿਯਮ ਟੂਰਿਸਟ (ਬੀ1/ਬੀ2), ਵਿਦਿਆਰਥੀ (ਐਫ-1), ਐਕਸਚੇਂਜ (ਜੇ-1), ਵਰਕ ਵੀਜ਼ਾ (ਐਚ-1ਬੀ) ਅਤੇ ਇਮੀਗ੍ਰੈਂਟ ਵੀਜ਼ਾ ਸਮੇਤ ਲਗਭਗ ਸਾਰੀਆਂ ਮੁੱਖ ਵੀਜ਼ਾ ਸ਼੍ਰੇਣੀਆਂ ’ਤੇ ਲਾਗੂ ਹੋਣਗੇ। ਵਿਦੇਸ਼ ਮੰਤਰਾਲੇ ਦਾ ਕਹਿਣਾ ਹੈ ਕਿ ਇਸ ਦਾ ਉਦੇਸ਼ ਦੁਨੀਆ ਭਰ ਦੇ ਅਮਰੀਕੀ ਦੂਤਾਵਾਸਾਂ ਅਤੇ ਕੌਂਸਲੇਟਾਂ ਵਿੱਚ ਵੀਜ਼ਾ ਪ੍ਰਕਿਰਿਆ ਨੂੰ ਇੱਕੋ ਜਿਹੇ ਮਾਪਦੰਡਾਂ ਅਨੁਸਾਰ ਚਲਾਉਣਾ ਹੈ। ਇਮੀਗ੍ਰੈਂਟ ਵੀਜ਼ਾ ਮਾਮਲਿਆਂ ਵਿੱਚ ਨੈਸ਼ਨਲ ਵੀਜ਼ਾ ਸੈਂਟਰ ਹੁਣ ਇੰਟਰਵਿਊ ਬਿਨੈਕਾਰ ਦੇ ਰਿਹਾਇਸ਼ ਵਾਲੇ ਦੇਸ਼ ਜਾਂ ਉਸ ਦੀ ਬੇਨਤੀ ’ਤੇ ਨਾਗਰਿਕਤਾ ਵਾਲੇ ਦੇਸ਼ ਵਿੱਚ ਤੈਅ ਕਰੇਗਾ। ਜੇ ਕਿਸੇ ਬਿਨੈਕਾਰ ਦੀ ਇੰਟਰਵਿਊ ਪਹਿਲਾਂ ਹੀ ਨਿਰਧਾਰਤ ਹੋ ਚੁੱਕੀ ਹੈ ਤਾਂ ਉਹ ਆਮ ਤੌਰ ’ਤੇ ਰੱਦ ਨਹੀਂ ਕੀਤੀ ਜਾਵੇਗੀ। ਪਰ ਜੇ ਕੋਈ ਬਿਨੈਕਾਰ ਬਾਅਦ ਵਿੱਚ ਇੰਟਰਵਿਊ ਦੀ ਥਾਂ ਬਦਲਣਾ ਚਾਹੁੰਦਾ ਹੈ ਤਾਂ ਉਸ ਨੂੰ ਸਿੱਧਾ ਐਨਵੀਸੀ ਨਾਲ ਸੰਪਰਕ ਕਰਨਾ ਪਵੇਗਾ। ਸਿਰਫ਼ ਦੂਤਾਵਾਸ ਨਾਲ ਸੰਪਰਕ ਕਰਨ ਨਾਲ ਕੇਸ ਟਰਾਂਸਫਰ ਨਹੀਂ ਹੋਵੇਗਾ। ਵਿਦੇਸ਼ ਮੰਤਰਾਲੇ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਜੇ ਕੋਈ ਬਿਨੈਕਾਰ ਆਪਣੇ ਨਿਰਧਾਰਤ ਕੌਂਸਲਰ ਜ਼ਿਲ੍ਹੇ ਜਾਂ ਦੇਸ਼ ਤੋਂ ਇਲਾਵਾ ਕਿਸੇ ਹੋਰ ਥਾਂ ਇੰਟਰਵਿਊ ਦੀ ਮੰਗ ਕਰਦਾ ਹੈ ਤਾਂ ਉਸ ਤੋਂ ਵਾਧੂ ਦਸਤਾਵੇਜ਼ ਮੰਗੇ ਜਾ ਸਕਦੇ ਹਨ, ਤਾਂ ਜੋ ਇਹ ਸਾਬਤ ਕੀਤਾ ਜਾ ਸਕੇ ਕਿ ਉਹ ਉੱਥੇ ਕਾਨੂੰਨੀ ਤੌਰ ’ਤੇ ਰਹਿ ਰਿਹਾ ਹੈ ਜਾਂ ਉਸ ਨੂੰ ਵਿਸ਼ੇਸ਼ ਛੋਟ ਦੇਣ ਦਾ ਜਾਇਜ਼ ਕਾਰਨ ਹੈ। ਨਾਨ-ਇਮੀਗ੍ਰੈਂਟ ਵੀਜ਼ਾ ਬਿਨੈਕਾਰਾਂ ਲਈ ਵੀ ਇਹੀ ਨਿਯਮ ਲਾਗੂ ਹੋਵੇਗਾ। ਜੇ ਕੋਈ ਵਿਅਕਤੀ ਆਪਣੇ ਦੇਸ਼ ਜਾਂ ਨਿਰਧਾਰਤ ਪ੍ਰੋਸੈਸਿੰਗ ਪੋਸਟ ਤੋਂ ਇਲਾਵਾ ਕਿਸੇ ਹੋਰ ਦੂਤਾਵਾਸ ਵਿੱਚ ਇੰਟਰਵਿਊ ਬੁੱਕ ਕਰਦਾ ਹੈ ਤਾਂ ਉਸ ਨੂੰ ਲੰਬੇ ਇੰਤਜ਼ਾਰ, ਵਾਧੂ ਜਾਂਚ ਅਤੇ ਵੀਜ਼ਾ ਮਨਜ਼ੂਰੀ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਅਮਰੀਕੀ ਸਰਕਾਰ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਅਜਿਹੇ ਮਾਮਲਿਆਂ ਵਿੱਚ ਭਰੀ ਗਈ ਵੀਜ਼ਾ ਫੀਸ ਨਾ ਤਾਂ ਵਾਪਸ ਕੀਤੀ ਜਾਵੇਗੀ ਅਤੇ ਨਾ ਹੀ ਕਿਸੇ ਹੋਰ ਦੂਤਾਵਾਸ ਵਿੱਚ ਟਰਾਂਸਫਰ ਹੋਵੇਗੀ। ਰਿਹਾਇਸ਼ ਦੇ ਆਧਾਰ ’ਤੇ ਅਰਜ਼ੀ ਦੇਣ ਵਾਲੇ ਬਿਨੈਕਾਰਾਂ ਨੂੰ ਇਹ ਵੀ ਸਾਬਤ ਕਰਨਾ ਪਵੇਗਾ ਕਿ ਉਹ ਉਸ ਦੇਸ਼ ਵਿੱਚ ਕਾਨੂੰਨੀ ਤੌਰ ’ਤੇ ਰਹਿ ਰਹੇ ਹਨ। ਜਿਨ੍ਹਾਂ ਦੀਆਂ ਇੰਟਰਵਿਊਆਂ ਪਹਿਲਾਂ ਹੀ ਤੈਅ ਹੋ ਚੁੱਕੀਆਂ ਹਨ, ਉਹ ਆਮ ਤੌਰ ’ਤੇ ਰੱਦ ਨਹੀਂ ਕੀਤੀਆਂ ਜਾਣਗੀਆਂ, ਹਾਲਾਂਕਿ ਕੁਝ ਖਾਸ ਹਾਲਾਤਾਂ ਵਿੱਚ ਦੂਤਾਵਾਸ ਬਿਨੈਕਾਰ ਨੂੰ ਨਵਾਂ ਨੋਟਿਸ ਜਾਰੀ ਕਰ ਸਕਦਾ ਹੈ। ਇਹ ਨਵੇਂ ਨਿਯਮ ਏ, ਜੀ, ਸੀ-2, ਸੀ-3, ਨਾਟੋ ਅਤੇ ਕੁਝ ਕੂਟਨੀਤਿਕ ਜਾਂ ਸਰਕਾਰੀ ਵੀਜ਼ਾ ਸ਼੍ਰੇਣੀਆਂ ’ਤੇ ਲਾਗੂ ਨਹੀਂ ਹੋਣਗੇ। ਇਸ ਤੋਂ ਇਲਾਵਾ, ਭਵਿੱਖ ਦੇ ਡਾਇਵਰਸਿਟੀ ਵੀਜ਼ਾ ਬਿਨੈਕਾਰਾਂ ’ਤੇ ਵੀ ਇਹ ਨੀਤੀ ਲਾਗੂ ਕੀਤੀ ਜਾਵੇਗੀ। ਅਮਰੀਕੀ ਵਿਦੇਸ਼ ਮੰਤਰਾਲੇ ਨੇ ਸਾਰੇ ਵੀਜ਼ਾ ਬਿਨੈਕਾਰਾਂ ਨੂੰ ਸਲਾਹ ਦਿੱਤੀ ਹੈ ਕਿ ਇੰਟਰਵਿਊ ਬੁੱਕ ਕਰਨ ਤੋਂ ਪਹਿਲਾਂ ਸੰਬੰਧਿਤ ਅਮਰੀਕੀ ਦੂਤਾਵਾਸ ਜਾਂ ਕੌਂਸਲੇਟ ਦੀ ਵੈੱਬਸਾਈਟ ’ਤੇ ਜਾ ਕੇ ਤਾਜ਼ਾ ਨਿਯਮ, ਇੰਤਜ਼ਾਰ ਦਾ ਸਮਾਂ ਅਤੇ ਲੋੜੀਂਦੇ ਦਸਤਾਵੇਜ਼ ਜ਼ਰੂਰ ਚੈੱਕ ਕਰ ਲੈਣ। ਨਵੇਂ ਨਿਯਮਾਂ ਦਾ ਮਕਸਦ ਵੀਜ਼ਾ ਪ੍ਰਕਿਰਿਆ ਨੂੰ ਹੋਰ ਪਾਰਦਰਸ਼ੀ, ਇਕਸਾਰ ਅਤੇ ਸੁਰੱਖਿਅਤ ਬਣਾਉਣਾ ਦੱਸਿਆ ਗਿਆ ਹੈ।




# ਮਾਨ ਸਰਕਾਰ ਵੱਲੋਂ ਜਾਇਦਾਦ ਰਜਿਸਟ੍ਰੇਸ਼ਨ ਦੀ ਭਾਸ਼ਾ ਨੂੰ ਆਮ ਲੋਕਾਂ ਲਈ ਹੋਰ ਸੁਖਾਲਾ ਬਣਾਉਣ ਦਾ ਫ਼ੈਸਲਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਸਰਕਾਰ ਨੇ ਆਮ ਲੋਕਾਂ ਦੀ ਸਹੂਲਤ ਲਈ ਜ਼ਮੀਨ ਅਤੇ ਜਾਇਦਾਦ ਦੀ ਖ਼ਰੀਦ-ਵੇਚ ਸਮੇਂ ਰਜਿਸਟ੍ਰੇਸ਼ਨ ਦੀ ਭਾਸ਼ਾ ਨੂੰ ਹੋਰ ਸੌਖਾ ਬਣਾਉਣ ਵੱਲ ਇੱਕ ਅਹਿਮ ਕਦਮ ਚੁੱਕਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਮਾਲ ਵਿਭਾਗ ਵਿੱਚ ਮੁੱਦਤਾਂ ਤੋਂ ਵਰਤੇ ਜਾਂਦੇ 35 ਔਖੇ ਸ਼ਬਦਾਂ ਦੀ ਥਾਂ ਸੌਖੇ ਅਤੇ ਆਮ ਲੋਕਾਂ ਦੀ ਸਮਝ ਵਿੱਚ ਆਉਣ ਵਾਲੇ ਪੰਜਾਬੀ ਸ਼ਬਦ ਵਰਤਣ ਦਾ ਫ਼ੈਸਲਾ ਕੀਤਾ ਹੈ।

ਪੰਜਾਬ ਦੇ ਮਾਲ, ਮੁੜ-ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਸਰਕਾਰ ਦਾ ਉਦੇਸ਼ ਸਰਕਾਰੀ ਸੇਵਾਵਾਂ ਨੂੰ ਲੋਕਾਂ ਲਈ ਵਧੇਰੇ ਸਰਲ, ਪਾਰਦਰਸ਼ੀ ਅਤੇ ਸੁਖਾਲਾ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਜਾਇਦਾਦ ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਦਸਤਾਵੇਜ਼ਾਂ ਵਿੱਚ ਵਰਤੀ ਜਾਂਦੀ ਔਖੀ ਭਾਸ਼ਾ ਕਾਰਨ ਆਮ ਲੋਕਾਂ ਨੂੰ ਅਕਸਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।

ਇਸ ਲਈ ਸਰਕਾਰ ਨੇ ਲੋਕਾਂ ਦੀ ਸਹੂਲਤ ਨੂੰ ਪਹਿਲ ਦਿੰਦਿਆਂ ਪੁਰਾਣੇ ਔਖੇ ਸ਼ਬਦਾਂ ਦੀ ਥਾਂ ਹੁਣ ਸੌਖੇ ਪੰਜਾਬੀ ਸ਼ਬਦ ਵਰਤਣ ਦਾ ਫ਼ੈਸਲਾ ਕੀਤਾ ਹੈ।

ਮਾਲ ਮੰਤਰੀ ਨੇ ਦੱਸਿਆ ਕਿ ਮਾਲ ਵਿਭਾਗ ਵਿੱਚ ਵਰਤੇ ਜਾਂਦੇ ਔਖੇ ਸ਼ਬਦਾਂ ਨੂੰ ਆਮ ਲੋਕਾਂ ਲਈ ਸੌਖਾ ਬਣਾਉਣ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਪਿੱਛੋਂ ਮਾਲ ਅਤੇ ਮੁੜ-ਵਸੇਬਾ ਵਿਭਾਗ ਵੱਲੋਂ ਵਿਸ਼ੇਸ਼ ਕਮੇਟੀ ਗਠਤ ਕੀਤੀ ਗਈ ਸੀ, ਜਿਸ ਦੀਆਂ ਸਿਫ਼ਾਰਸ਼ਾਂ ਦੇ ਆਧਾਰ ’ਤੇ ਜਾਇਦਾਦ ਰਜਿਸਟ੍ਰੇਸ਼ਨ ਨਾਲ ਸਬੰਧਤ ਪੁਰਾਣੇ 35 ਔਖੇ ਸ਼ਬਦਾਂ ਦੀ ਥਾਂ 35 ਸੌਖੇ ਪੰਜਾਬੀ ਸ਼ਬਦ ਵਰਤਣ ਦਾ ਫ਼ੈਸਲਾ ਕੀਤਾ ਗਿਆ ਹੈ।

ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਇਹ ਫ਼ੈਸਲਾ ਪੰਜਾਬ ਸਰਕਾਰ ਦੀ ਲੋਕ ਪੱਖੀ ਸੋਚ ਦਾ ਹਿੱਸਾ ਹੈ ਜਿਸ ਤਹਿਤ ਸਰਕਾਰੀ ਕੰਮ-ਕਾਜ ਵਿੱਚ ਵਰਤੀ ਜਾਂਦੀ ਭਾਸ਼ਾ ਨੂੰ ਆਮ ਨਾਗਰਿਕ ਦੀ ਸਮਝ ਦੇ ਅਨੁਕੂਲ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਨਾਗਰਿਕ ਨੂੰ ਆਪਣੀ ਜ਼ਮੀਨ ਜਾਂ ਜਾਇਦਾਦ ਨਾਲ ਸਬੰਧਤ ਦਸਤਾਵੇਜ਼ ਸਮਝਣ ਲਈ ਬੇਲੋੜੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਮਾਲ ਮੰਤਰੀ ਨੇ ਦੱਸਿਆ ਕਿ ਇੰਸਪੈਕਟਰ ਜਨਰਲ ਆਫ਼ ਰਜਿਸਟ੍ਰੇਸ਼ਨ ਅਤੇ ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਜਾਰੀ ਕਰਕੇ ਪੁਰਾਣੇ ਅਤੇ ਨਵੇਂ ਸਿਫ਼ਾਰਸ਼ ਕੀਤੇ ਸ਼ਬਦਾਂ ਦੀ ਸੂਚੀ ਭੇਜੀ ਗਈ ਹੈ। ਉਨ੍ਹਾਂ ਖੇਤਰੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀ ਸਹੂਲਤ ਲਈ ਜਾਇਦਾਦ ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਦਸਤਾਵੇਜ਼ਾਂ ਵਿੱਚ ਨਵੇਂ ਸੌਖੇ ਸ਼ਬਦਾਂ ਦੀ ਵਰਤੋਂ ਨੂੰ ਤਰਜੀਹੀ ਤੌਰ ’ਤੇ ਯਕੀਨੀ ਬਣਾਇਆ ਜਾਵੇ।

ਪੁਰਾਣੇ ਸ਼ਬਦਾਂ ਦੀ ਥਾਂ ਸਿਫਾਰਿਸ਼ ਕੀਤੇ ਗਏ ਨਵੇਂ ਸੌਖੇ ਸ਼ਬਦ

ਉਜਰ ਦੀ ਥਾਂ ਇਤਰਾਜ਼, ਉਜਰਤ ਦੀ ਥਾਂ ਫ਼ੀਸ, ਅਰਾਜ਼ੀ ਦੀ ਥਾਂ ਜ਼ਮੀਨ, ਸਾਕਿਨ ਦੀ ਥਾਂ ਵਸਨੀਕ, ਸਾਕਿਨ ਦੇਹ ਦੀ ਥਾਂ ਪਿੰਡ ਦਾ ਵਸਨੀਕ, ਹਸਬ ਜ਼ਾਬਤਾ ਦੀ ਥਾਂ ਕਾਨੂੰਨ ਅਨੁਸਾਰ, ਹਿੱਬਾ ਦੀ ਥਾਂ ਦਾਨ, ਕੈਫ਼ੀਅਤ ਦੀ ਥਾਂ ਵਿਸ਼ੇਸ਼ ਕਥਨ, ਗ਼ੈਰ ਮਜਰੂਆ ਦੀ ਥਾਂ ਅਣਵਾਹਿਆ ਖੇਤ, ਗਰਿੰਦਾ ਦੀ ਥਾਂ ਲੈਣ ਵਾਲਾ, ਜ਼ਰ ਦੀ ਥਾਂ ਰਕਮ, ਤਾਬੇ ਦੀ ਥਾਂ ਅਨੁਸਾਰ, ਮੁਤਾਬਿਕ, ਅਧੀਨ, ਤਕਾਵੀ ਦੀ ਥਾਂ ਖੇਤੀ ਕਰਜ਼ਾ, ਤਰਮੀਮ ਦੀ ਥਾਂ ਸੋਧ-ਦਰੁਸਤੀ, ਤਸੱਬਰ-ਤਸੱਵਰ ਦੀ ਥਾਂ ਮੰਨ ਲੈਣਾ, ਤਲਬਾਨਾ ਦੀ ਥਾਂ ਖ਼ਰਚਾ, ਦੇਹ ਦੀ ਥਾਂ ਪਿੰਡ, ਦਾਖ਼ਲ ਖਾਰਜ ਦੀ ਥਾਂ ਇੰਤਕਾਲ, ਫਕ ਉਲ ਰਹਿਨ ਦੀ ਥਾਂ ਗਹਿਣੇ ਪਈ ਸੰਪਤੀ ਨੂੰ ਛਡਾਉਣਾ, ਫ਼ੌਤ ਦੀ ਥਾਂ ਮੌਤ, ਫ਼ਰਦ ਦੀ ਥਾਂ ਨਕਲ ਜਮ੍ਹਾਂਬੰਦੀ, ਫ਼ਰੀਕ ਦੀ ਥਾਂ ਧਿਰ, ਫ਼ਰੀਕ ਅੱਵਲ ਦੀ ਥਾਂ ਪਹਿਲੀ ਧਿਰ, ਫ਼ਰੀਕ ਦੋਮ ਦੀ ਥਾਂ ਦੂਜੀ ਧਿਰ, ਬਦਸਤੂਰ ਦੀ ਥਾਂ ਪਹਿਲਾਂ ਦੀ ਤਰ੍ਹਾਂ, ਬੈਨਾਮਾ ਦੀ ਥਾਂ ਵਿਕਰੀ ਨਾਮਾ, ਬਜ਼ਰੀਆ ਦੀ ਥਾਂ ਰਾਹੀਂ, ਬਾਇਆ ਦੀ ਥਾਂ ਵੇਚਣ ਵਾਲਾ, ਮਖ਼ਸੂਸ ਦੀ ਥਾਂ ਖ਼ਾਸ, ਮੁਸ਼ਤਰਕਾ ਦੀ ਥਾਂ ਸਾਂਝਾ, ਮੁੰਤਕਿਲ ਦੀ ਥਾਂ ਤਬਦੀਲ, ਮਜ਼ਕੂਰ ਦੀ ਥਾਂ ਉਪਰੋਕਤ, ਮਨਸੂਖ ਕਰਨਾ ਦੀ ਥਾਂ ਰੱਦ ਕਰਨਾ/ਖਾਰਜ ਕਰਨਾ, ਮੁਸ਼ਤਰੀ ਹੁਸ਼ਿਆਰਬਾਸ਼ ਦੀ ਥਾਂ ਖ਼ਰੀਦਦਾਰ ਚੁਕੰਨਾ ਰਹੇ, ਮੁਰਤਹਿਨ ਦੀ ਥਾਂ ਜ਼ਮੀਨ ਗਹਿਣੇ ਲੈਣ ਵਾਲਾ।


WHOLE HOME SOLAR & BATTERY
STARTING AT $25,000
For a standard 5kW Solar & 14kWh Battery system
Roof or main panel upgrades not included
Clear & Up-Front Pricing
High-Efficiency Components
Permits and Utility Approvals Included
Protect Existing NEM 2.0 (Via Non-Export Configuration)
CALL HARRY FOR A QUOTE | (925) 537-2732
Harkaran Singh (HIS Registration #167489 SP) AUTHORIZED REPRESENTATIVE FOR TSP SOLAR SALES AND SERVICES (DBA TSP ROOFING AND SOLAR)
CSLB Contractor License #1096233 • C-10 Electrical, C-39 Roofing, B-General Building
Pricing & offer details vary by location & applicant.

# TAKE CONTROL OF YOUR HEALTH!

## PRIVATE, AFFORDABLE, & CONVENIENT

## 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTEST NOW



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336

Gillson TRUCKING INC

# NOW HIRING

## TRUCK DRIVERS CLASS A CDL



- ✓ Signing Bonus
- ✓ Top pay
- ✓ Mileage Pay
- ✓ Great Benefits
- ✓ Over the Road or Local Routes
- ✓ Reefers and Dry Van Operations
- ✓ No touch freight



### SKILLS

- ✓ Responsible truck driver.
- ✓ Experience with electronic equipment.
- ✓ Ability to travel regularly.
- ✓ Adaptivity and foresight to handle unexpected situations (traffic, weather conditions and roads, etc.)

### RESPONSIBILITIES

- ✓ Safely operating assigned vehicles.
- ✓ The Vehicles are maintained and serviced as needed.
- ✓ Report any vehicle defects for repair.
- ✓ Make safety a priority at all times.
- ✓ Comply with standard federal laws and with company. policies and procedures.

### PAY

- ✓ Average pay: $0.45-$0.60 cents/mile
- ✓ Weekly direct deposits
- ✓ Bonuses for clean inspections
- ✓ High mileage bonuses

### NEWER EQUIPMENT

FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO

Flexible Home Time  Pet Friendly  Rider Policy

SCAN QR CODE FOR APPLY NOW

HEALTH BENEFITS  Health  Dental  Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com



GET IN TOUCH gillsontrucking company/gillsontrucking www.teamgillson.com

# ਈਰਾਨ 'ਚ ਆਇਆ ਜ਼ਬਰਦਸਤ ਭੂਚਾਲ

ਤਹਿਰਾਨ
ਸਾਂਝੀ ਸੋਚ ਬਿਊਰੋ



ਐਤਵਾਰ ਨੂੰ ਈਰਾਨ ਦੇ ਦੱਖਣ-ਪੱਛਮੀ ਖੁਜ਼ੇਸਤਾਨ ਸੂਬੇ ਦੇ ਸਾਰੰਦ ਖੇਤਰ ਵਿੱਚ 5.0 ਤੀਬਰਤਾ ਦਾ ਭੂਚਾਲ ਆਇਆ। ਤਹਿਰਾਨ ਯੂਨੀਵਰਸਿਟੀ ਦੇ ਭੂਚਾਲ ਵਿਗਿਆਨ ਕੇਂਦਰ ਦੇ ਅਨੁਸਾਰ, ਭੂਚਾਲ 12 ਕਿਲੋਮੀਟਰ ਦੀ ਡੂੰਘਾਈ 'ਤੇ ਦਰਜ ਕੀਤਾ ਗਿਆ। ਈਰਾਨ ਦੇ ਖੁਜ਼ੇਸਤਾਨ ਸੂਬੇ ਵਿੱਚ 5.0 ਤੀਬਰਤਾ ਦੇ ਭੂਚਾਲ ਤੋਂ ਥੋੜ੍ਹੀ ਦੇਰ ਬਾਅਦ, 4.0 ਤੀਬਰਤਾ ਦਾ ਭੂਚਾਲ ਮਹਿਸੂਸ ਕੀਤਾ ਗਿਆ। ਇਹ ਭੂਚਾਲ ਸਲੈਂਡ ਖੇਤਰ ਵਿੱਚ 8 ਕਿਲੋਮੀਟਰ ਦੀ ਡੂੰਘਾਈ 'ਤੇ ਰਿਕਾਰਡ ਕੀਤਾ ਗਿਆ। ਈਰਾਨ ਦੀ ਸਰਕਾਰੀ ਨਿਊਜ਼ ਏਜੰਸੀ ਆਈਆਰਐਨਏ ਨੇ ਭੂਚਾਲ ਵਿਗਿਆਨ ਕੇਂਦਰ ਦਾ ਹਵਾਲਾ ਦਿੰਦੇ ਹੋਏ ਇਸਦੀ ਪੁਸ਼ਟੀ ਕੀਤੀ। ਇਸ ਸਮੇਂ ਅਧਿਕਾਰਤ ਤੌਰ 'ਤੇ ਕੋਈ ਵੱਡਾ ਨੁਕਸਾਨ ਜਾਂ ਜਾਨੀ ਨੁਕਸਾਨ ਦੀ ਰਿਪੋਰਟ ਨਹੀਂ ਕੀਤੀ ਗਈ ਹੈ। ਈਰਾਨ ਦਾ ਲਗਭਗ 90% ਹਿੱਸਾ ਭੂਚਾਲ-ਸੰਭਾਵੀ ਖੇਤਰ ਵਿੱਚ ਹੈ। ਬਹੁਤ ਸਾਰੇ ਸ਼ਹਿਰ ਫਾਲਟ ਲਾਈਨਾਂ ਦੇ ਨੇੜੇ ਸਥਿਤ ਹਨ, ਜਿਸ ਕਾਰਨ ਉੱਥੇ ਛੋਟੇ ਭੂਚਾਲ ਵੀ ਵਧੇਰੇ ਗੰਭੀਰ ਬਣ ਜਾਂਦੇ ਹਨ।

# ਰਾਮ ਮੰਦਿਰ ਚੜ੍ਹਾਵਾ ਚੋਰੀ ਮਾਮਲਾ ਰਾਹੁਲ ਗਾਂਧੀ ਨੇ ਮੋਦੀ ਨੂੰ ਲਿਖਿਆ ਪੱਤਰ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ



ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ ਅਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਅਯੁੱਧਿਆ ਰਾਮ ਮੰਦਰ ਦੀ ਭੇਟ ਚੋਰੀ ਮਾਮਲੇ ਬਾਰੇ ਪ੍ਰਧਾਨ ਮੰਤਰੀ ਮੋਦੀ ਨੂੰ ਪੱਤਰ ਲਿਖਿਆ ਹੈ। ਉਨ੍ਹਾਂ ਨੇ ਟਰੱਸਟ ਦੇ ਵਿੱਤੀ ਮਾਮਲਿਆਂ ਦੀ ਸੁਤੰਤਰ ਜਾਂਚ ਦੀ ਮੰਗ ਕੀਤੀ ਹੈ। ਕਾਂਗਰਸੀ ਆਗੂਆਂ ਨੇ ਕਿਹਾ ਕਿ ਸਰਕਾਰ ਅਤੇ ਟਰੱਸਟ ਦੀ ਭਰੋਸੇਯੋਗਤਾ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਉਹ ਕਿੰਨੀ ਪਾਰਦਰਸ਼ਤਾ ਅਤੇ ਜਲਦੀ ਕੰਮ ਕਰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਦੇ ਲੋਕ ਦੇਖ ਰਹੇ ਹਨ। ਦੋਵਾਂ ਕਾਂਗਰਸੀ ਆਗੂਆਂ ਨੇ ਪ੍ਰਧਾਨ ਮੰਤਰੀ ਨੂੰ ਟਰੱਸਟ ਦੇ ਵਿੱਤੀ ਮਾਮਲਿਆਂ ਅਤੇ ਸ਼ਰਧਾਲੂਆਂ ਤੋਂ ਪ੍ਰਾਪਤ ਨਕਦੀ, ਸੋਨਾ ਅਤੇ ਚਾਂਦੀ ਸਮੇਤ ਸਾਰੀਆਂ ਭੇਟਾਂ ਦੇ ਪ੍ਰਬੰਧਨ ਦੀ ਜਾਂਚ ਕਰਨ ਅਤੇ ਟਰੱਸਟ ਦੇ ਨਤੀਜਿਆਂ ਅਤੇ ਖਾਤਿਆਂ ਨੂੰ ਜਨਤਕ ਕਰਨ ਦੀ ਵੀ ਅਪੀਲ ਕੀਤੀ। ਦੋਵਾਂ ਆਗੂਆਂ ਨੇ ਪੱਤਰ ਵਿੱਚ ਕਿਹਾ ਹੈ ਕਿ, "ਲੱਖਾਂ ਸ਼ਰਧਾਲੂਆਂ ਨੇ ਸ਼ਰਧਾ ਅਤੇ ਵਿਸ਼ਵਾਸ ਨਾਲ ਮੰਦਰ ਲਈ ਆਪਣੀ ਮਿਹਨਤ ਦੀ ਕਮਾਈ ਦਾਨ ਕੀਤੀ ਹੈ, ਅਤੇ ਉਹ ਕਥਿਤ ਚੋਰੀ ਦੇ ਦੋਸ਼ਾਂ ਤੋਂ ਬਾਅਦ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ।" ਖੜਗੇ ਅਤੇ ਰਾਹੁਲ ਗਾਂਧੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਤੋਂ ਬਾਅਦ ਸੰਸਦ ਵਿੱਚ ਸ਼੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਗਠਨ ਦਾ ਐਲਾਨ ਕੀਤਾ ਸੀ, ਪਰ ਇਸਦੇ ਮੈਂਬਰਾਂ ਦੀ ਨਿਯੁਕਤੀ ਸਰਕਾਰ ਦੁਆਰਾ ਕੀਤੀ ਗਈ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਟਰੱਸਟ ਦੇ ਬਹੁਤ ਸਾਰੇ ਮੈਂਬਰਾਂ ਦੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰਐਸਐਸ), ਵਿਸ਼ਵ ਹਿੰਦੂ ਪ੍ਰੀਸ਼ਦ (ਵੀਐਚਪੀ) ਅਤੇ ਉਨ੍ਹਾਂ ਨਾਲ ਜੁੜੇ ਸੰਗਠਨਾਂ ਨਾਲ ਸਬੰਧ ਹਨ। ਦੋਵਾਂ ਆਗੂਆਂ ਨੇ ਕਿਹਾ ਕਿ ਇਸ ਮਾਮਲੇ 'ਤੇ ਪ੍ਰਧਾਨ ਮੰਤਰੀ ਦੀ ਚੁੱਪੀ ਅਸਵੀਕਾਰਨਯੋਗ ਹੈ ਅਤੇ ਜਵਾਬਦੇਹੀ ਯਕੀਨੀ ਬਣਾਉਣਾ ਅਤੇ ਸ਼ਰਧਾਲੂਆਂ ਦੀ ਆਸਥਾ ਦੀ ਰੱਖਿਆ ਕਰਨਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ। ਪੱਤਰ ਵਿੱਚ ਕਿਹਾ ਗਿਆ ਹੈ ਕਿ ਜਾਂਚ ਵਿੱਚ ਦੋਸ਼ੀ ਪਾਏ ਗਏ ਸਾਰੇ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ, ਭਾਵੇਂ ਉਨ੍ਹਾਂ ਦਾ ਅਹੁਦਾ ਜਾਂ ਪ੍ਰਭਾਵ ਕੁਝ ਵੀ ਹੋਵੇ। ਮੱਲਿਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਨੇ ਕਥਿਤ ਚੋਰੀ ਦੇ ਦੋਸ਼ਾਂ ਦੀ ਤੁਰੰਤ, ਸੁਤੰਤਰ ਅਤੇ ਵਿਆਪਕ ਜਾਂਚ ਦੀ ਵੀ ਮੰਗ ਕੀਤੀ ਹੈ।

# ਕੇਂਦਰੀ ਮੰਤਰੀ ਚਿਰਾਗ ਪਾਸਵਾਨ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ, ਦੇਸ਼ ਦੀ ਖੁਸ਼ਹਾਲੀ ਲਈ ਕੀਤੀ ਅਰਦਾਸ

ਅੰਮ੍ਰਿਤਸਰ
ਡਾ.ਰਜਿੰਦਰ ਰਿਖੀ



ਕੇਂਦਰੀ ਫੂਡ ਪ੍ਰੋਸੈਸਿੰਗ ਉਦਯੋਗ ਮੰਤਰੀ ਚਿਰਾਗ ਪਾਸਵਾਨ ਅੱਜ ਅੰਮ੍ਰਿਤਸਰ ਪੁੱਜੇ ਉਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਇਸ ਦੌਰਾਨ ਉਨ੍ਹਾਂ ਨੇ ਗੁਰੂ ਘਰ ਨਤਮਸਤਕ ਹੋ ਕੇ ਦੇਸ਼-ਦੁਨੀਆ ਦੀ ਖੁਸ਼ਹਾਲੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੇ ਸਨਮਾਨ ਵਜੋਂ ਪੱਗ ਵੀ ਬੰਨੀ ਹੋਈ ਸੀ। ਮੀਡੀਆ ਨਾਲ ਗੱਲਬਾਤ ਕਰਦਿਆਂ ਕੇਂਦਰੀ ਮੰਤਰੀ ਚਿਰਾਗ ਪਾਸਵਾਨ ਨੇ ਕਿਹਾ ਕਿ ਜਦੋਂ ਵੀ ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਉਂਦੇ ਹਨ, ਤਾਂ ਉਨ੍ਹਾਂ ਨੂੰ ਇੱਕ ਵੱਖਰੀ ਹੀ ਊਰਜਾ ਅਤੇ ਆਤਮਿਕ ਸ਼ਕਤੀ ਦਾ ਅਹਿਸਾਸ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਦੇਸ਼ ਅਤੇ ਸਮਾਜ ਦੀਆਂ ਪ੍ਰਸਥਿਤੀਆਂ ਨੂੰ ਦੇਖਦੇ ਹੋਏ ਪਹਿਲਾਂ ਨਾਲੋਂ ਵੱਧ ਸ਼ਕਤੀ ਦੀ ਲੋੜ ਹੈ ਅਤੇ ਇਹੀ ਅਰਦਾਸ ਲੈ ਕੇ ਉਹ ਗੁਰੂ ਘਰ ਪਹੁੰਚੇ ਹਨ। ਚਿਰਾਗ ਪਾਸਵਾਨ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਅਤੇ ਲੋਕ ਜਨਸ਼ਕਤੀ ਪਾਰਟੀ ਦੇ ਸੰਸਥਾਪਕ ਸਵ. ਰਾਮਵਿਲਾਸ ਪਾਸਵਾਨ ਉਨ੍ਹਾਂ ਦੇ ਆਦਰਸ਼ ਅਤੇ ਨੇਤਾ ਹਨ। ਉਨ੍ਹਾਂ ਦੱਸਿਆ ਕਿ ਲੋਕ ਜਨਸ਼ਕਤੀ ਪਾਰਟੀ ਪੂਰੇ ਦੇਸ਼ ਵਿੱਚ ਆਪਣੇ ਸੰਗਠਨ ਦਾ ਵਿਸਥਾਰ ਕਰ ਰਹੀ ਹੈ ਅਤੇ ਪੰਜਾਬ ਵਿੱਚ ਵੀ ਨਵੀਂ ਸੋਚ ਦੇ ਨਾਲ ਲੋਕਾਂ ਦੇ ਵਿਚਕਾਰ ਜਾਵੇਗੀ।

# ਧਮਕੀ ਤੋਂ ਬਾਅਦ ਆਮਿਰ ਖਾਨ ਦੇ ਘਰ ਬਾਹਰ ਵਧਾਈ ਗਈ ਸੁਰੱਖਿਆ

ਮੁੰਬਈ
ਸਾਂਝੀ ਸੋਚ ਬਿਊਰੋ



ਬਾਲੀਵੁੱਡ ਅਦਾਕਾਰ ਸਲਮਾਨ ਖਾਨ ਤੋਂ ਬਾਅਦ ਹੁਣ ਆਮਿਰ ਖਾਨ ਨੂੰ ਵੀ ਲਾਰੈਂਸ ਗੈਂਗ ਤੋਂ ਜਾਨੋਂ ਮਾਰਨ ਦੀ ਧਮਕੀ ਮਿਲੀ ਹੈ। ਮੀਡੀਆ ਦੀਆਂ ਖਬਰਾਂ ਦੇ ਅਨੁਸਾਰ, ਲਾਰੈਂਸ ਗੈਂਗ ਵੱਲੋਂ ਸ਼ਨੀਵਾਰ ਨੂੰ ਇੱਕ ਪੱਤਰ ਅਤੇ ਆਡੀਓ ਨੋਟ ਜਾਰੀ ਕੀਤਾ ਗਿਆ ਸੀ। ਆਡੀਓ ਨੋਟ ਅਤੇ ਸੋਸ਼ਲ ਮੀਡੀਆ ਪੋਸਟ ਸਾਹਮਣੇ ਆਉਣ ਤੋਂ ਬਾਅਦ, ਪੁਲਿਸ ਨੇ ਬਾਂਦਰਾ ਵੈਸਟ ਦੇ ਪਾਲੀ ਹਿੱਲ ਵਿੱਚ ਆਮਿਰ ਖਾਨ ਦੇ ਘਰ ਦੇ ਬਾਹਰ ਸੁਰੱਖਿਆ ਵਧਾ ਦਿੱਤੀ ਹੈ।

ਹਾਲਾਂਕਿ, ਆਮਿਰ ਖਾਨ ਇਸ ਸਮੇਂ ਦੇਸ਼ ਤੋਂ ਬਾਹਰ ਹਨ। ਹਿੰਦੁਸਤਾਨ ਟਾਈਮਜ਼ ਦੀ ਇੱਕ ਰਿਪੋਰਟ ਦੇ ਅਨੁਸਾਰ, ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਅਜੇ ਨਾ ਤਾਂ ਵੌਇਸ ਕਲਿੱਪ ਅਤੇ ਨਾ ਹੀ ਸੋਸ਼ਲ ਮੀਡੀਆ ਪੋਸਟ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਅਜੇ ਤੱਕ ਨਹੀਂ ਹੋਈ ਹੈ। ਇਸ ਦੌਰਾਨ, ਮੁੰਬਈ ਪੁਲਿਸ ਕਮਿਸ਼ਨਰ ਦੇਵਨ ਭਾਰਤੀ ਨੇ ਕਿਹਾ, "ਅਸੀਂ ਸੋਸ਼ਲ ਮੀਡੀਆ ਪੋਸਟ ਅਤੇ ਵੌਇਸ ਕਲਿੱਪ ਦੀ ਪ੍ਰਮਾਣਿਕਤਾ ਦੀ ਜਾਂਚ ਕਰ ਰਹੇ ਹਾਂ।"

ਦੱਸ ਦਈਏ ਕਿ ਇਹ ਧਮਕੀ ਆਰਜੂ ਬਿਸ਼ਨੋਈ ਅਤੇ ਟਾਈਸਨ ਬਿਸ਼ਨੋਈ ਵੱਲੋਂ ਦਿੱਤੀ ਗਈ ਹੈ ਜੋ ਕਿ ਲਾਰੈਂਸ ਗੈਂਗ ਨਾਲ ਸੰਬੰਧਿਤ ਦੱਸੇ ਜਾ ਰਹੇ ਹਨ। ਧਮਕੀ ਵਿੱਚ ਕਿਹਾ ਗਿਆ ਹੈ ਕਿ ਆਮਿਰ ਨੇ ਆਪਣੇ ਤੀਜੇ ਵਿਆਹ ਰਾਹੀਂ ਲਵ ਜੇਹਾਦ ਨੂੰ ਉਤਸ਼ਾਹਿਤ ਕੀਤਾ ਹੈ, ਜੋ ਕਿ ਸਾਡੇ ਦੇਸ਼ ਦੀ ਸੰਸਕ੍ਰਿਤੀ ਦੇ ਵਿਰੁੱਧ ਹੈ ਅਤੇ ਗੈਂਗ ਨੇ ਕਿਹਾ ਕਿ ਜਲਦੀ ਹੀ ਇਸ ਦਾ ਜਵਾਬ ਦਿੱਤਾ ਜਾਵੇਗਾ। ਹੁਣ ਉਸਨੂੰ ਇਸਦੇ ਨਤੀਜੇ ਭੁਗਤਣੇ ਪੈਣਗੇ। ਜਿਸ ਤੋਂ ਬਾਅਦ ਹੁਣ ਮੁੰਬਈ ਪੁਲਿਸ ਨੇ ਇਸਦੀ ਜਾਂਚ ਸ਼ੁਰੂ ਕਰ ਦਿੱਤੀ ਹੈ।




CIS
CALIFORNIA
IMMIGRATION SERVICES
YOUR REGISTERED & BONDED “IMMIGRATION-CONSULTANTS”
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ
## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# ਸਾਡੇ ਬਜ਼ੁਰਗ, ਸਾਡਾ ਮਾਣ: ਮਾਨ ਸਰਕਾਰ ਵੱਲੋਂ ਬੁਢਾਪਾ ਪੈਨਸ਼ਨ ਲਈ 1,423.33 ਕਰੋੜ ਰੁਪਏ ਜਾਰੀ- ਡਾ. ਬਲਜੀਤ ਕੌਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੀਨੀਅਰ ਨਾਗਰਿਕਾਂ ਦੀ ਮਾਣ-ਮਰਿਆਦਾ, ਵਿੱਤੀ ਸੁਰੱਖਿਆ ਅਤੇ ਸਤਿਕਾਰਯੋਗ ਜੀਵਨ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਚਾਲੂ ਵਿੱਤੀ ਸਾਲ 2026-27 ਦੌਰਾਨ ਬੁਢਾਪਾ ਪੈਨਸ਼ਨ ਸਕੀਮ ਤਹਿਤ 1,423.33 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਪੱਕਾ ਵਿਸ਼ਵਾਸ ਹੈ ਕਿ ਸਾਡੇ ਬਜ਼ੁਰਗ ਸਾਡੇ ਪਰਿਵਾਰਾਂ ਦਾ ਸਰਮਾਇਆ ਅਤੇ ਸਮਾਜ ਦੀ ਮਜ਼ਬੂਤ ਨੀਂਹ ਹਨ, ਅਤੇ ਉਨ੍ਹਾਂ ਦੀ ਸੁਰੱਖਿਅਤ ਤੇ ਸਨਮਾਨਜਨਕ ਜ਼ਿੰਦਗੀ ਯਕੀਨੀ ਬਣਾਉਣਾ ਸਰਕਾਰ ਦਾ ਮੁਢਲਾ ਫ਼ਰਜ਼ ਹੈ। ਉਨ੍ਹਾਂ ਦੱਸਿਆ ਕਿ ਸੂਬੇ ਭਰ ਵਿੱਚ ਲਗਭਗ 23.77 ਲੱਖ ਸੀਨੀਅਰ ਨਾਗਰਿਕ ਬੁਢਾਪਾ ਪੈਨਸ਼ਨ ਸਕੀਮ ਦਾ ਲਾਭ ਲੈ ਰਹੇ ਹਨ, ਜਿਸ ਸਦਕਾ ਇਹ ਪੰਜਾਬ ਦੀਆਂ ਸਭ ਤੋਂ ਵੱਡੀਆਂ ਅਤੇ ਸਭ ਤੋਂ ਪ੍ਰਭਾਵਸ਼ਾਲੀ ਸਮਾਜਿਕ ਭਲਾਈ ਯੋਜਨਾਵਾਂ ਵਿੱਚੋਂ ਇੱਕ ਬਣ ਗਈ ਹੈ। ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੌਜੂਦਾ ਵਿੱਤੀ ਸਾਲ ਦੌਰਾਨ ਬੁਢਾਪਾ ਪੈਨਸ਼ਨ ਸਕੀਮ ਲਈ 4,000 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਹੈ, ਤਾਂ ਜੋ ਸਾਰੇ ਯੋਗ ਲਾਭਪਾਤਰੀਆਂ ਨੂੰ ਬਿਨਾਂ ਕਿਸੇ



ਰੁਕਾਵਟ ਦੇ ਸਮੇਂ ਸਿਰ ਵਿੱਤੀ ਸਹਾਇਤਾ ਮਿਲਣੀ ਯਕੀਨੀ ਬਣਾਈ ਜਾ ਸਕੇ।

ਮੰਤਰੀ ਨੇ ਸਮੂਹ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰਾਂ ਅਤੇ ਹੋਰ ਵਿਭਾਗੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸਾਰੇ ਯੋਗ ਬਜ਼ੁਰਗਾਂ ਤੱਕ ਪੈਨਸ਼ਨ ਦੀ ਰਾਸ਼ੀ ਸਮੇਂ ਸਿਰ ਪਹੁੰਚਾਉਣ ਨੂੰ ਯਕੀਨੀ ਬਣਾਉਣ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਵੀਆਂ ਅਰਜ਼ੀਆਂ ਦੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸਮਾਂਬੱਧ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇ, ਸ਼ਿਕਾਇਤਾਂ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਇਹ ਪੱਕੇ ਯਤਨ ਕੀਤੇ ਜਾਣ ਕਿ ਕੋਈ ਵੀ ਯੋਗ ਬਜ਼ੁਰਗ ਜਾਗਰੂਕਤਾ ਦੀ ਘਾਟ ਜਾਂ ਦਫ਼ਤਰੀ ਦੇਰੀ ਕਾਰਨ ਇਸ ਸਕੀਮ ਦੇ ਲਾਭ ਤੋਂ ਵਾਂਝਾ ਨਾ ਰਹੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੁਪਨੇ ਬਾਰੇ ਚਾਨਣਾ ਪਾਉਂਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰ ਇੱਕ ਅਜਿਹਾ 'ਰੰਗਲਾ ਪੰਜਾਬ' ਸਿਰਜਣ ਲਈ ਨਿਰੰਤਰ ਕਾਰਜਸ਼ੀਲ ਹੈ, ਜਿੱਥੇ ਹਰ ਬਜ਼ੁਰਗ ਆਪਣੇ ਆਪ ਨੂੰ ਸੁਰੱਖਿਅਤ, ਸਤਿਕਾਰਤ ਅਤੇ ਸਰਕਾਰ ਦੀ ਸਰਪ੍ਰਸਤੀ ਹੇਠ ਮਹਿਸੂਸ ਕਰੇ।

ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੀ ਭਲਾਈ ਮਾਨ ਸਰਕਾਰ ਦੀਆਂ ਸਭ ਤੋਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਹੈ ਅਤੇ ਸੂਬੇ ਵਿੱਚ ਸਮਾਜਿਕ ਸੁਰੱਖਿਆ ਦੇ ਘੇਰੇ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਸਪੱਸ਼ਟ ਕੀਤਾ ਕਿ ਬੁਢਾਪਾ ਪੈਨਸ਼ਨ ਸਕੀਮ ਤਹਿਤ ਪੰਜਾਬ ਦੇ ਪੱਕੇ ਨਿਵਾਸੀ ਨਿਰਧਾਰਿਤ ਸ਼ਰਤਾਂ ਅਨੁਸਾਰ ਵਿੱਤੀ ਸਹਾਇਤਾ ਲੈਣ ਦੇ ਯੋਗ ਹਨ। ਇਸ ਸਕੀਮ ਅਧੀਨ 65 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਮਰਦ ਅਤੇ 58 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਔਰਤਾਂ ਸ਼ਾਮਲ ਹਨ, ਬਸ਼ਰਤੇ ਕਿ ਉਨ੍ਹਾਂ ਦੀ ਸਾਰੇ ਸਰੋਤਾਂ ਤੋਂ ਸਾਲਾਨਾ ਆਮਦਨ 60,000 ਰੁਪਏ ਤੋਂ ਵੱਧ ਨਾ ਹੋਵੇ। ਉਨ੍ਹਾਂ ਸਾਰੇ ਯੋਗ ਸੀਨੀਅਰ ਨਾਗਰਿਕਾਂ ਨੂੰ, ਜਿਨ੍ਹਾਂ ਨੇ ਅਜੇ ਤੱਕ ਇਸ ਸਕੀਮ ਤਹਿਤ ਆਪਣਾ ਨਾਮ ਦਰਜ ਨਹੀਂ ਕਰਵਾਇਆ, ਅਪੀਲ ਕੀਤੀ ਕਿ ਉਹ ਸਬੰਧਤ ਅਧਿਕਾਰੀਆਂ ਨਾਲ ਸੰਪਰਕ ਕਰਨ ਅਤੇ ਇਸ ਅਹਿਮ ਸਮਾਜਿਕ ਸੁਰੱਖਿਆ ਸਕੀਮ ਦੇ ਲਾਭ ਦਾ ਫਾਇਦਾ ਉਠਾਉਣ। ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਮਾਨ ਸਰਕਾਰ ਲੋਕ-ਪੱਖੀ ਭਲਾਈ ਸਕੀਮਾਂ ਨੂੰ ਇਸੇ ਤਰ੍ਹਾਂ ਜ਼ਮੀਨੀ ਪੱਧਰ 'ਤੇ ਲਾਗੂ ਰੱਖੇਗੀ ਤਾਂ ਜੋ ਸਾਡੇ ਬਜ਼ੁਰਗ ਆਪਣੀ ਜ਼ਿੰਦਗੀ ਦੇ ਸੁਨਹਿਰੀ ਦਿਨ ਪੂਰੀ ਅਣਖ, ਆਤਮ-ਨਿਰਭਰਤਾ ਅਤੇ ਮਾਨਸਿਕ ਸ਼ਾਂਤੀ ਨਾਲ ਬਤੀਤ ਕਰ ਸਕਣ।

# ਮੇਰੀ ਕਮਾਈ ਮੇਰੀ ਇਮਾਨਦਾਰੀ ਹੈ, ਇਸੇ ਕਰਕੇ ਪੰਜਾਬ ਦੇ ਲੋਕ ਮੇਰੇ 'ਤੇ ਪੂਰਾ ਭਰੋਸਾ ਕਰਦੇ ਹਨ: ਭਗਵੰਤ ਸਿੰਘ ਮਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਨਕੋਦਰ ਵਿਖੇ ਸਾਲਾਨਾ ਮੇਲੇ ਦੌਰਾਨ ਡੇਰਾ ਅਲਮਸਤ ਬਾਪੂ ਲਾਲ ਬਾਦਸ਼ਾਹ ਜੀ ਦੇ ਦਰਬਾਰ ਵਿਖੇ ਮੱਥਾ ਟੇਕਿਆ ਅਤੇ ਪੰਜਾਬ ਦੀ ਸ਼ਾਂਤੀ, ਖੁਸ਼ਹਾਲੀ ਅਤੇ ਸਰਬਪੱਖੀ ਵਿਕਾਸ ਲਈ ਅਸ਼ੀਰਵਾਦ ਲਿਆ। ਸੱਭਿਆਚਾਰਕ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਤੋਂ ਬਾਅਦ, ਮੁੱਖ ਮੰਤਰੀ ਨੇ ਹਰ ਵਰਗ ਦੇ ਲੋਕਾਂ ਵੱਲੋਂ ਦਿੱਤੇ ਅਥਾਹ ਪਿਆਰ ਅਤੇ ਸਨੇਹ ਲਈ ਧੰਨਵਾਦ ਕਰਦਿਆਂ ਕਿਹਾ ਕਿ ਗੁਰੂਆਂ, ਪੀਰਾਂ, ਫਕੀਰਾਂ ਅਤੇ ਸ਼ਹੀਦਾਂ ਦਾ ਆਸ਼ੀਰਵਾਦ ਪੰਜਾਬ ਨੂੰ ਫਿਰਕੂ ਸਦਭਾਵਨਾ ਅਤੇ ਪ੍ਰਗਤੀ ਦੇ ਰਾਹ 'ਤੇ ਅੱਗੇ ਵਧਣ ਦੀ ਸੇਧ ਦਿੰਦਾ ਹੈ। ਰੰਗਲਾ ਪੰਜਾਬ ਸਿਰਜਣ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਵੱਲੋਂ ਉਨ੍ਹਾਂ 'ਤੇ ਦਿਖਾਇਆ ਗਿਆ ਵਿਸ਼ਵਾਸ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਉਨ੍ਹਾਂ ਪੂਰੀ ਇਮਾਨਦਾਰੀ, ਸਮਰਪਣ ਅਤੇ ਪਾਰਦਰਸ਼ਤਾ ਨਾਲ ਸੂਬੇ ਦੀ ਸੇਵਾ ਕਰਨ ਦਾ ਵਾਅਦਾ ਕੀਤਾ। ਇਸ ਸ਼ੁਭ ਮੌਕੇ ਬਾਰੇ ਜਾਣਕਾਰੀ ਸਾਂਝੀ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ ਅਕਾਊਂਟ 'ਤੇ ਲਿਖਿਆ, "ਅੱਜ, ਮੈਨੂੰ ਨਕੋਦਰ ਵਿਖੇ ਸਾਲਾਨਾ ਮੇਲੇ ਦੌਰਾਨ ਡੇਰਾ ਅਲਮਸਤ ਬਾਪੂ ਲਾਲ ਬਾਦਸ਼ਾਹ ਜੀ ਦੇ ਦਰਬਾਰ ਵਿੱਚ ਮੱਥਾ ਟੇਕਣ ਦਾ ਸੁਭਾਗ ਪ੍ਰਾਪਤ ਹੋਇਆ। ਮੈਂ ਮਾਵਾਂ, ਭੈਣਾਂ, ਬੱਚਿਆਂ ਅਤੇ ਬਜ਼ੁਰਗਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਮੇਲੇ ਵਿੱਚ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਅਤੇ ਮੈਨੂੰ ਬਹੁਤ ਪਿਆਰ ਦਿੱਤਾ।"

ਉਨ੍ਹਾਂ ਅਖੀਰ ਵਿੱਚ ਕਿਹਾ, "ਸਾਡੇ ਗੁਰੂਆਂ, ਪੀਰਾਂ, ਫਕੀਰਾਂ ਅਤੇ ਸ਼ਹੀਦਾਂ ਦਾ ਆਸ਼ੀਰਵਾਦ ਹਮੇਸ਼ਾ ਵਿਸ਼ਵਾਸ, ਸਦਭਾਵਨਾ ਅਤੇ ਭਾਈਚਾਰਕ ਸਾਂਝ ਵਾਲੀ ਇਸ ਪਵਿੱਤਰ ਧਰਤੀ 'ਤੇ ਬਣਿਆ ਰਹੇ। ਇਨ੍ਹਾਂ ਅਸੀਸਾਂ ਨਾਲ, ਅਸੀਂ ਪੰਜਾਬ ਦੇ ਸਰਵਪੱਖੀ ਵਿਕਾਸ ਅਤੇ ਇੱਕ ਜੀਵੰਤ ਅਤੇ ਖੁਸ਼ਹਾਲ ਰੰਗਲੇ ਪੰਜਾਬ ਦੇ ਪੁਨਰ ਨਿਰਮਾਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।" ਇਕੱਠ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਇਸ ਪਵਿੱਤਰ ਸਥਾਨ 'ਤੇ ਨਤਮਸਤਕ ਹੋ ਕੇ ਮੈਂ ਬੇਹੱਦ ਖੁਸ਼ ਮਹਿਸੂਸ ਕਰ ਰਿਹਾ ਹਾਂ। ਪੰਜਾਬ ਮੇਲਿਆਂ ਅਤੇ ਤਿਉਹਾਰਾਂ ਦੀ ਧਰਤੀ ਹੈ।

ਇਹ ਇੱਕ ਉਪਜਾਊ ਧਰਤੀ ਹੈ ਜਿੱਥੇ ਹਰ ਬੀਜ ਉੱਗ ਸਕਦਾ ਹੈ, ਪਰ ਇੱਥੇ ਨਫ਼ਰਤ ਦਾ ਬੀਜ ਕਦੇ ਵੀ ਪੁੰਗਰ ਨਹੀਂ ਸਕਦਾ। ਭਾਈਚਾਰਕ ਸਾਂਝ ਅਤੇ ਏਕਤਾ ਪੰਜਾਬ ਦੀਆਂ ਸਭ ਤੋਂ ਵੱਡੀਆਂ ਤਾਕਤਾਂ ਹਨ। ਇੱਥੇ ਲੋਕ ਹਰ ਤਿਉਹਾਰ ਇਕੱਠੇ ਮਨਾਉਂਦੇ ਹਨ, ਭਾਵੇਂ ਉਹ ਰਾਮ ਨੌਮੀ ਹੋਵੇ, ਗੁਰਪੁਰਬ ਹੋਵੇ ਜਾਂ ਕੋਈ ਹੋਰ ਤਿਉਹਾਰ।" ਅਗਾਮੀ ਪ੍ਰੋਗਰਾਮਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਅਸੀਂ ਸਾਰੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਅਗਾਮੀ 650ਵੇਂ ਪ੍ਰਕਾਸ਼ ਪੁਰਬ ਨੂੰ ਇਕੱਠੇ ਮਨਾਵਾਂਗੇ। ਪੰਜਾਬ ਧਾਰਮਿਕ ਸਦਭਾਵਨਾ ਵਾਲੀ ਧਰਤੀ ਹੈ। ਫੁੱਟ ਪਾਊ ਤਾਕਤਾਂ ਇੱਥੇ ਕਦੇ ਵੀ




ਸਫਲ ਨਹੀਂ ਹੋ ਸਕਦੀਆਂ ਕਿਉਂਕਿ ਸਾਡੀਆਂ ਸਮਾਜਿਕ ਤੰਦਾਂ ਬਹੁਤ ਮਜ਼ਬੂਤ ਹਨ। ਪੰਜਾਬ ਦੇ ਲੋਕ ਹਮੇਸ਼ਾ ਚੰਗੇ ਅਤੇ ਮਾੜੇ ਸਮੇਂ ਵਿੱਚ ਇਕਜੁੱਟ ਖੜ੍ਹੇ ਰਹਿੰਦੇ ਹਨ।" ਆਪਣੀ ਸਰਕਾਰ ਵੱਲੋਂ ਲਿਆਂਦੀ ਗਈ ਤਬਦੀਲੀ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਿਛਲੀਆਂ ਸਰਕਾਰਾਂ ਕਲਾਕਾਰਾਂ ਨੂੰ ਸਿਰਫ਼ ਭੀੜ ਇਕੱਠੀ ਕਰਨ ਲਈ ਵਰਤਦੀਆਂ ਸਨ, ਪਰ ਹੁਣ ਸਮਾਂ ਬਦਲ ਗਿਆ ਹੈ। ਅਸੀਂ ਕਲਾਕਾਰਾਂ ਦਾ ਮਾਣ ਮੁੜ ਬਹਾਲ ਕੀਤਾ ਹੈ।

ਪੰਜਾਬ ਦੇ ਲੋਕਾਂ ਨੇ ਮੈਨੂੰ ਸੂਬੇ ਦੀ ਸੇਵਾ ਕਰਨ ਦੀ ਜ਼ਿੰਮੇਵਾਰੀ ਸੌਂਪੀ ਹੈ, ਅਤੇ ਮੈਂ ਇਹ ਡਿਊਟੀ ਪੂਰੀ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਨਿਭਾ ਰਿਹਾ ਹਾਂ।"

ਉਨ੍ਹਾਂ ਅੱਗੇ ਕਿਹਾ, "ਮੈਂ ਸਖ਼ਤ ਮਿਹਨਤ ਕਰਕੇ ਪੰਜਾਬ ਦੇ ਲੋਕਾਂ ਦਾ ਵਿਸ਼ਵਾਸ ਕਮਾਇਆ ਹੈ, ਅਤੇ ਮੈਂ ਉਸ ਵਿਸ਼ਵਾਸ ਨੂੰ ਕਦੇ ਵੀ ਟੁੱਟਣ ਨਹੀਂ ਦੇਵਾਂਗਾ।" ਮੁੱਖ ਮੰਤਰੀ ਨੇ ਕਿਹਾ, "ਸਾਡੀ ਸਰਕਾਰ ਮਾਵਾਂ ਧੀਆਂ ਸਤਿਕਾਰ ਯੋਜਨਾ ਰਾਹੀਂ ਔਰਤਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰ ਰਹੀ ਹੈ। 1 ਜੁਲਾਈ ਤੋਂ, ਔਰਤਾਂ ਨੂੰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਗਈ ਹੈ। ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਅਤੇ ਬਾਕੀ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਦਿੱਤੇ ਜਾ ਰਹੇ ਹਨ। ਇਹ ਫੰਡ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਜਾ ਰਹੇ ਹਨ ਅਤੇ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਲੈ ਰਹੀਆਂ ਔਰਤਾਂ ਵੀ ਇਸ ਯੋਜਨਾ ਦਾ ਲਾਭ ਲੈਣ ਦੇ ਯੋਗ ਹਨ।"

ਉਨ੍ਹਾਂ ਅੱਗੇ ਕਿਹਾ, "ਪੰਜਾਬ ਦੀਆਂ ਲਗਭਗ 97 ਫੀਸਦੀ ਔਰਤਾਂ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤੋਂ ਲਾਭ ਉਠਾ ਰਹੀਆਂ ਹਨ, ਜਿਸ ਲਈ ਸੂਬਾ ਸਰਕਾਰ ਨੇ ਬਜਟ ਵਿੱਚ 9300 ਕਰੋੜ ਰੁਪਏ ਅਲਾਟ ਕੀਤੇ ਹਨ।" ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਵਿਸਥਾਰ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, "ਇਸ ਯੋਜਨਾ ਤਹਿਤ ਸੰਗਤਾਂ ਨੂੰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਹਰਿਦੁਆਰ, ਰਿਸ਼ੀਕੇਸ਼, ਸਾਲਾਸਰ ਧਾਮ ਅਤੇ ਖਾਟੂ ਸ਼ਿਆਮ ਜੀ ਸਮੇਤ ਪ੍ਰਮੁੱਖ ਧਾਰਮਿਕ ਸਥਾਨਾਂ ਦੀ ਯਾਤਰਾ ਕਰਨ ਦੀ ਸਹੂਲਤ ਦਿੱਤੀ ਜਾ ਰਹੀ ਹੈ।" ਪੰਜਾਬ ਦੇ ਲੋਕਾਂ ਦਾ ਉਨ੍ਹਾਂ 'ਤੇ ਅਟੁੱਟ ਵਿਸ਼ਵਾਸ ਕਰਨ ਲਈ ਧੰਨਵਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਨੂੰ ਮਿਲ ਕੇ ਖੁਸ਼ਹਾਲ ਅਤੇ ਹਸਦਾ-ਵਸਦਾ ਪੰਜਾਬ ਬਣਾਉਣਾ ਚਾਹੀਦਾ ਹੈ, ਨਾ ਕਿ ਇੱਕ ਹੋਰ ਲੰਡਨ ਜਾਂ ਕੈਲੀਫੋਰਨੀਆ। ਮੈਂ ਪੰਜਾਬ ਦੇ ਲੋਕਾਂ ਦੀ ਭਲਾਈ ਅਤੇ ਸੂਬੇ ਦੀ ਸਮੁੱਚੀ ਤਰੱਕੀ ਨੂੰ ਯਕੀਨੀ ਬਣਾਉਣ ਲਈ



ਪੂਰੀ ਲਗਨ ਨਾਲ ਸੇਵਾ ਕਰਦਾ ਰਹਾਂਗਾ। ਸਾਡੀ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ ਅਤੇ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।" ਮੁੱਖ ਮੰਤਰੀ ਨੇ ਅੱਗੇ ਕਿਹਾ, "ਪੰਜਾਬ ਦੇ ਲੋਕਾਂ ਨੇ ਸਾਨੂੰ ਸਮਝਦਾਰੀ ਅਤੇ ਲੋਕ-ਪੱਖੀ ਫੈਸਲੇ ਲੈਣ ਦਾ ਮੌਕਾ ਦਿੱਤਾ ਹੈ। ਸਾਡੀ ਸਰਕਾਰ ਦਾ ਹਰ ਫੈਸਲਾ ਪੰਜਾਬ ਦੇ ਵਡੇਰੇ ਹਿੱਤਾਂ ਦੀ ਰਾਖੀ ਅਤੇ ਸੂਬੇ ਨੂੰ ਉੱਚ ਵਿਕਾਸ ਦੇ ਰਾਹ 'ਤੇ ਪਾਉਣ ਲਈ ਹੈ।" ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਵੇਂ ਕਿਹੋ ਜਿਹੇ ਵੀ ਹਾਲਾਤ ਹੋਣ, ਡੂੰਘੀਆਂ ਜੜ੍ਹਾਂ ਵਾਲੇ ਰੁੱਖ ਕਦੇ ਨਹੀਂ ਡਿੱਗਦੇ। ਇਸੇ ਤਰ੍ਹਾਂ, ਸਾਨੂੰ ਸਾਰਿਆਂ ਨੂੰ ਹਮੇਸ਼ਾ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣਾ ਚਾਹੀਦਾ ਹੈ।" ਮੁੱਖ ਮੰਤਰੀ ਨੇ ਕਿਹਾ, "ਸਾਡੀ ਸਰਕਾਰ ਪੰਜਾਬ ਨੂੰ ਹਰ ਖੇਤਰ ਵਿੱਚ ਜੀਵੰਤ ਅਤੇ ਖੁਸ਼ਹਾਲ ਬਣਾਉਣ ਲਈ ਇਮਾਨਦਾਰੀ ਅਤੇ ਪੂਰੀ ਪਾਰਦਰਸ਼ਤਾ ਨਾਲ ਕੰਮ ਕਰ ਰਹੀ ਹੈ। ਇਨ੍ਹਾਂ ਯਤਨਾਂ ਦੇ ਸਕਾਰਾਤਮਕ ਨਤੀਜੇ ਹੁਣ ਦਿਖਾਈ ਦੇਣ ਲੱਗੇ ਹਨ।" ਅਲਮਸਤ ਬਾਪੂ ਲਾਲ ਬਾਦਸ਼ਾਹ ਜੀ ਦੇ ਸਫਲ ਸਾਲਾਨਾ ਮੇਲੇ 'ਤੇ ਸੰਗਤ ਅਤੇ ਪ੍ਰਬੰਧਕੀ ਕਮੇਟੀ ਨੂੰ ਵਧਾਈ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਦਰਬਾਰ ਵਿਖੇ ਮੱਥਾ ਟੇਕਿਆ ਅਤੇ ਪੰਜਾਬ ਦੇ ਲਾਸਾਨੀ ਵਿਕਾਸ, ਖੁਸ਼ਹਾਲੀ ਅਤੇ ਤਰੱਕੀ ਲਈ ਅਰਦਾਸ ਕੀਤੀ। ਇਸ ਮੌਕੇ ਸੀਨੀਅਰ ਆਪ ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਸਾਬਕਾ ਮੈਂਬਰ ਪਾਰਲੀਮੈਂਟ ਹੰਸ ਰਾਜ ਹੰਸ, ਵਿਧਾਇਕ ਇੰਦਰਜੀਤ ਕੌਰ ਮਾਨ ਅਤੇ ਕਈ ਹੋਰ ਪਤਵੰਤੇ ਮੌਜੂਦ ਸਨ।


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੇ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376


Pal Films Production
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਭਿੱਜਿਆ ਹੋਇਆ ਇਨਸਾਨ ਮੀਂਹ ਤੋਂ ਨਹੀਂ ਡਰਦਾ! ਸੰਘਰਸ਼ ਇਨਸਾਨ ਨੂੰ ਨਿਡਰ ਬਣਾ ਦਿੰਦਾ ਹੈ

ਜ਼ਿੰਦਗੀ ਦਾ ਇੱਕ ਡੂੰਘਾ ਸੱਚ ਹੈ "ਭਿੱਜਿਆ ਹੋਇਆ ਇਨਸਾਨ ਮੀਂਹ ਤੋਂ ਨਹੀਂ ਡਰਦਾ।" ਇਹ ਕੇਵਲ ਇੱਕ ਕਹਾਵਤ ਨਹੀਂ, ਸਗੋਂ ਜੀਵਨ ਦੇ ਤਜਰਬਿਆਂ ਤੋਂ ਨਿਕਲਿਆ ਹੋਇਆ ਸਿਧਾਂਤ ਹੈ। ਜਿਸ ਮਨੁੱਖ ਨੇ ਮੁਸ਼ਕਲਾਂ ਦਾ ਸਾਹਮਣਾ ਕੀਤਾ ਹੋਵੇ, ਅਸਫਲਤਾਵਾਂ ਦਾ ਦਰਦ ਸਹਿਆ ਹੋਵੇ ਅਤੇ ਸੰਘਰਸ਼ ਦੀ ਅੱਗ ਵਿੱਚ ਆਪਣੇ ਆਪ ਨੂੰ ਤਪਾਇਆ ਹੋਵੇ, ਉਹ ਭਵਿੱਖ ਦੀਆਂ ਚੁਣੌਤੀਆਂ ਤੋਂ ਨਹੀਂ ਘਬਰਾਉਂਦਾ। ਮੁਸ਼ਕਲ ਸਮਾਂ ਮਨੁੱਖ ਨੂੰ ਤੋੜਦਾ ਨਹੀਂ, ਸਗੋਂ ਉਸ ਨੂੰ ਹੋਰ ਮਜ਼ਬੂਤ, ਸਿਆਣਾ ਅਤੇ ਆਤਮਵਿਸ਼ਵਾਸੀ ਬਣਾਉਂਦਾ ਹੈ।

ਹਰ ਮਨੁੱਖ ਦੇ ਜੀਵਨ ਵਿੱਚ ਸੁੱਖ ਅਤੇ ਦੁੱਖ, ਸਫਲਤਾ ਅਤੇ ਅਸਫਲਤਾ, ਆਸ ਅਤੇ ਨਿਰਾਸ਼ਾ ਦੇ ਪਲ ਆਉਂਦੇ ਹਨ। ਕੁਝ ਲੋਕ ਪਹਿਲੀ ਹੀ ਔਖਾਈ ਦੇਖ ਕੇ ਹਿੰਮਤ ਹਾਰ ਜਾਂਦੇ ਹਨ, ਜਦਕਿ ਕੁਝ ਲੋਕ ਹਰ ਚੁਣੌਤੀ ਨੂੰ ਸਿੱਖਣ ਦਾ ਮੌਕਾ ਸਮਝਦੇ ਹਨ। ਇਹੀ ਸੋਚ ਉਨ੍ਹਾਂ ਨੂੰ ਅੱਗੇ ਵਧਾਉਂਦੀ ਹੈ। ਜਿਸ ਨੇ ਤੂਫ਼ਾਨਾਂ ਦਾ ਸਾਹਮਣਾ ਕੀਤਾ ਹੋਵੇ, ਉਸ ਨੂੰ ਹੌਲੀਆਂ ਹਵਾਵਾਂ ਕਦੇ ਨਹੀਂ ਡਰਾਉਂਦੀਆਂ।ਕੁਦਰਤ ਵੀ ਸਾਨੂੰ ਇਹੀ ਸਿੱਖਿਆ ਦਿੰਦੀ ਹੈ। ਨਵਾਂ ਪੌਦਾ ਤੇਜ਼ ਹਵਾ ਵਿੱਚ ਝੁੱਕ ਜਾਂਦਾ ਹੈ, ਪਰ ਸਾਲਾਂ ਪੁਰਾਣਾ ਰੁੱਖ ਆਂਧੀਆਂ ਦਾ ਡਟ ਕੇ ਸਾਹਮਣਾ ਕਰਦਾ ਹੈ। ਕਿਉਂਕਿ ਉਸ ਦੀਆਂ ਜੜ੍ਹਾਂ ਡੂੰਘੀਆਂ ਹੋ ਚੁੱਕੀਆਂ ਹੁੰਦੀਆਂ ਹਨ। ਇਸੇ ਤਰ੍ਹਾਂ ਸੰਘਰਸ਼ ਮਨੁੱਖ ਦੇ ਚਰਿੱਤਰ ਨੂੰ ਡੂੰਘਾਈ ਦਿੰਦਾ ਹੈ ਅਤੇ ਉਸ ਨੂੰ ਹਰ ਹਾਲਾਤ ਦਾ ਸਾਹਮਣਾ ਕਰਨ ਦੇ ਯੋਗ ਬਣਾਉਂਦਾ ਹੈ।

ਇਤਿਹਾਸ ਵਿੱਚ ਅਜਿਹੀਆਂ ਅਨੇਕਾਂ ਸ਼ਖ਼ਸੀਅਤਾਂ ਹੋਈਆਂ ਹਨ ਜਿਨ੍ਹਾਂ ਨੇ ਕਠਿਨ ਹਾਲਾਤਾਂ ਵਿੱਚੋਂ ਉੱਠ ਕੇ ਦੁਨੀਆ ਵਿੱਚ ਆਪਣਾ ਨਾਮ ਬਣਾਇਆ। ਉਨ੍ਹਾਂ ਦੀ ਸਫਲਤਾ ਦਾ ਰਾਜ਼ ਸਿਰਫ਼ ਪ੍ਰਤਿਭਾ ਨਹੀਂ ਸੀ, ਸਗੋਂ ਲਗਾਤਾਰ ਮਿਹਨਤ, ਹਿੰਮਤ ਅਤੇ ਸੰਘਰਸ਼ ਸੀ। ਉਹ ਡਿੱਗੇ ਵੀ, ਪਰ ਹਰ ਵਾਰ ਉੱਠੇ ਅਤੇ ਪਹਿਲਾਂ ਨਾਲੋਂ ਵੱਧ ਮਜ਼ਬੂਤੀ ਨਾਲ ਅੱਗੇ ਵਧੇ।

ਵਿਦਿਆਰਥੀ ਜੀਵਨ ਵਿੱਚ ਵੀ ਇਹ ਗੱਲ ਬਹੁਤ ਮਹੱਤਵਪੂਰਨ ਹੈ। ਜੇ ਕੋਈ ਵਿਦਿਆਰਥੀ ਇੱਕ ਪ੍ਰੀਖਿਆ ਵਿੱਚ ਅਸਫਲ ਹੋ ਜਾਂਦਾ ਹੈ ਅਤੇ ਆਪਣੀਆਂ ਗਲਤੀਆਂ ਤੋਂ ਸਿੱਖਦਾ ਹੈ, ਤਾਂ ਉਹ ਅਗਲੀ ਵਾਰ ਹੋਰ ਚੰਗਾ ਪ੍ਰਦਰਸ਼ਨ ਕਰ ਸਕਦਾ ਹੈ। ਅਸਫਲਤਾ ਅੰਤ ਨਹੀਂ ਹੁੰਦੀ; ਇਹ ਸਫਲਤਾ ਵੱਲ ਲੈ ਜਾਣ ਵਾਲਾ ਇੱਕ ਮਹੱਤਵਪੂਰਨ ਪਾਠ ਹੁੰਦਾ ਹੈ।ਰੋਜ਼ਗਾਰ ਅਤੇ ਕਾਰੋਬਾਰ ਦੀ ਦੁਨੀਆ ਵਿੱਚ ਵੀ ਇਹੀ ਸੱਚ ਹੈ। ਕਈ ਵੱਡੇ ਉਦਯੋਗਪਤੀਆਂ ਨੇ ਆਪਣੀ ਜ਼ਿੰਦਗੀ ਵਿੱਚ ਆਰਥਿਕ ਨੁਕਸਾਨ, ਅਸਫਲਤਾਵਾਂ ਅਤੇ ਆਲੋਚਨਾਵਾਂ ਦਾ ਸਾਹਮਣਾ ਕੀਤਾ। ਪਰ ਉਨ੍ਹਾਂ ਨੇ ਹਾਰ ਨਹੀਂ ਮੰਨੀ। ਉਨ੍ਹਾਂ ਦੇ ਤਜਰਬੇ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਬਣੇ।

ਅੱਜ ਦਾ ਯੁੱਗ ਤੇਜ਼ੀ ਨਾਲ ਬਦਲ ਰਿਹਾ ਹੈ। ਨਵੀਆਂ ਤਕਨਾਲੋਜੀਆਂ, ਬਦਲਦੇ ਰੋਜ਼ਗਾਰ ਅਤੇ ਵੱਧਦੀ ਮੁਕਾਬਲੇਬਾਜ਼ੀ ਨੇ ਜੀਵਨ ਨੂੰ ਚੁਣੌਤੀਪੂਰਨ ਬਣਾ ਦਿੱਤਾ ਹੈ। ਅਜਿਹੇ ਸਮੇਂ ਵਿੱਚ ਸਿਰਫ਼ ਡਿਗਰੀ ਨਹੀਂ, ਸਗੋਂ ਮਾਨਸਿਕ ਮਜ਼ਬੂਤੀ, ਸਬਰ ਅਤੇ ਹਾਲਾਤਾਂ ਨਾਲ ਖੁਦ ਨੂੰ ਢਾਲਣ ਦੀ ਸਮਰੱਥਾ ਹੀ ਮਨੁੱਖ ਨੂੰ ਕਾਮਯਾਬ ਬਣਾਉਂਦੀ ਹੈ।

ਸੰਘਰਸ਼ ਸਾਨੂੰ ਕੇਵਲ ਮਜ਼ਬੂਤ ਹੀ ਨਹੀਂ ਬਣਾਉਂਦਾ, ਸਗੋਂ ਨਿਮਰ ਵੀ ਬਣਾਉਂਦਾ ਹੈ। ਜਿਸ ਨੇ ਆਪ ਦੁੱਖ ਦੇਖਿਆ ਹੋਵੇ, ਉਹ ਦੂਜਿਆਂ ਦੇ ਦਰਦ ਨੂੰ ਵੀ ਸਮਝਦਾ ਹੈ। ਜਿਸ ਨੇ ਮਿਹਨਤ ਕਰਕੇ ਸਫਲਤਾ ਹਾਸਲ ਕੀਤੀ ਹੋਵੇ, ਉਹ ਉਸ ਦੀ ਅਸਲ ਕੀਮਤ ਜਾਣਦਾ ਹੈ। ਇਸ ਲਈ ਸੰਘਰਸ਼ ਮਨੁੱਖ ਨੂੰ ਚੰਗਾ ਇਨਸਾਨ ਵੀ ਬਣਾਉਂਦਾ ਹੈ।

ਮਾਪਿਆਂ ਅਤੇ ਅਧਿਆਪਕਾਂ ਦੀ ਵੀ ਇਹ ਜ਼ਿੰਮੇਵਾਰੀ ਹੈ ਕਿ ਉਹ ਬੱਚਿਆਂ ਨੂੰ ਹਰ ਮੁਸ਼ਕਲ ਤੋਂ ਬਚਾਉਣ ਦੀ ਬਜਾਏ ਉਨ੍ਹਾਂ ਨੂੰ ਸਮੱਸਿਆਵਾਂ ਦਾ ਸਾਹਮਣਾ ਕਰਨਾ ਸਿਖਾਉਣ। ਜੇ ਬੱਚਿਆਂ ਨੂੰ ਹਰ ਗੱਲ ਤਿਆਰ ਮਿਲੇਗੀ, ਤਾਂ ਉਹ ਜ਼ਿੰਦਗੀ ਦੀਆਂ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਨਹੀਂ ਹੋ ਸਕਣਗੇ। ਛੋਟੀਆਂ ਮੁਸ਼ਕਲਾਂ ਹੀ ਵੱਡੀਆਂ ਜ਼ਿੰਮੇਵਾਰੀਆਂ ਲਈ ਤਿਆਰ ਕਰਦੀਆਂ ਹਨ।

ਇਹ ਵੀ ਸੱਚ ਹੈ ਕਿ ਕੋਈ ਵੀ ਔਖਾ ਸਮਾਂ ਸਦੀਵੀ ਨਹੀਂ ਹੁੰਦਾ। ਜਿਵੇਂ ਰਾਤ ਤੋਂ ਬਾਅਦ ਸਵੇਰ ਆਉਂਦੀ ਹੈ, ਤਿਵੇਂ ਸੰਘਰਸ਼ ਤੋਂ ਬਾਅਦ ਸਫਲਤਾ ਵੀ ਆਉਂਦੀ ਹੈ। ਲੋੜ ਸਿਰਫ਼ ਧੀਰਜ, ਆਤਮਵਿਸ਼ਵਾਸ ਅਤੇ ਲਗਾਤਾਰ ਯਤਨਾਂ ਦੀ ਹੁੰਦੀ ਹੈ।ਅੱਜ ਦੇ ਨੌਜਵਾਨਾਂ ਵਿੱਚ ਅਸਫਲਤਾ ਦਾ ਡਰ, ਤਣਾਅ ਅਤੇ ਭਵਿੱਖ ਦੀ ਚਿੰਤਾ ਵੱਧ ਰਹੀ ਹੈ। ਅਜਿਹੇ ਸਮੇਂ ਵਿੱਚ ਇਹ ਕਹਾਵਤ ਸਾਨੂੰ ਯਾਦ ਦਿਵਾਉਂਦੀ ਹੈ ਕਿ ਹਰ ਮੁਸ਼ਕਲ ਇੱਕ ਨਵੀਂ ਸਿੱਖਿਆ ਹੈ। ਜਿੰਨਾ ਵੱਧ ਮਨੁੱਖ ਸੰਘਰਸ਼ ਕਰਦਾ ਹੈ, ਉਨਾ ਹੀ ਵੱਧ ਮਜ਼ਬੂਤ ਬਣਦਾ ਜਾਂਦਾ ਹੈ।

ਅੰਤ ਵਿੱਚ ਇਹੀ ਕਿਹਾ ਜਾ ਸਕਦਾ ਹੈ ਕਿ ਜ਼ਿੰਦਗੀ ਵਿੱਚ ਡਰ ਨਹੀਂ, ਸਗੋਂ ਹਿੰਮਤ ਨਾਲ ਅੱਗੇ ਵਧਣਾ ਚਾਹੀਦਾ ਹੈ। ਮੁਸ਼ਕਲਾਂ ਤੋਂ ਭੱਜਣ ਦੀ ਬਜਾਏ ਉਨ੍ਹਾਂ ਦਾ ਸਾਹਮਣਾ ਕਰਨਾ ਚਾਹੀਦਾ ਹੈ। ਜੋ ਮਨੁੱਖ ਸੰਘਰਸ਼ ਦੀ ਬਰਸਾਤ ਵਿੱਚ ਵੀ ਮੁਸਕਰਾਉਣਾ ਸਿੱਖ ਲੈਂਦਾ ਹੈ, ਉਹੀ ਅਸਲ ਜੇਤੂ ਬਣਦਾ ਹੈ।ਅਸਲ ਵਿੱਚ ਮਨੁੱਖ ਦੀ ਸਭ ਤੋਂ ਵੱਡੀ ਤਾਕਤ ਉਸ ਦੀ ਸੁਖ-ਸਹੂਲਤ ਨਹੀਂ, ਸਗੋਂ ਉਸ ਦਾ ਸੰਘਰਸ਼ ਹੁੰਦਾ ਹੈ। ਜਿਸ ਨੇ ਸੰਘਰਸ਼ ਨੂੰ ਆਪਣਾ ਅਧਿਆਪਕ ਬਣਾ ਲਿਆ, ਉਸ ਲਈ ਕੋਈ ਵੀ ਤੂਫ਼ਾਨ ਵੱਡਾ ਨਹੀਂ ਰਹਿੰਦਾ। ਕਿਉਂਕਿ ਸੱਚਮੁੱਚ "ਭਿੱਜਿਆ ਹੋਇਆ ਇਨਸਾਨ ਮੀਂਹ ਤੋਂ ਨਹੀਂ ਡਰਦਾ!"







SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਜ਼ਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.


## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899     (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED




# ਅੰਤਰਰਾਸ਼ਟਰੀ ਸਟੇਜਾਂ ਦੀ ਸ਼ਾਨ ਅਤੇ ਪੰਜਾਬੀਅਤ ਦਾ ਮਾਣ:"ਆਸ਼ਾ ਸ਼ਰਮਾ"

ਜਦ ਵੀ ਕਿਸੇ ਵੱਡੇ ਸ਼ੋ ਨੂੰ ਕਰਨ ਜਾਂ ਵੱਡੇ-ਵੱਡੇ ਗਾਇਕਾਂ ਨੂੰ ਪੇਸ਼ ਕਰਨ ਦੀ ਗੱਲ ਹੁੰਦੀ ਹੈ ਤਾਂ ਪ੍ਰਬੰਧਕਾਂ ਲਈ ਵੱਡੀ ਚਿੰਤਾ ਹੁੰਦੀ ਹੈ ਕਿ ਸਟੇਜ ਦਾ ਸੰਚਾਲਨ ਕੌਣ ਕਰੇਗਾ। ਕਿਸੇ ਵੀ ਪ੍ਰੋਗਰਾਮ ਨੂੰ ਕਰਵਾਉਣਾ ਜਾਂ ਚੰਗੇ ਪ੍ਰਬੰਧ ਕਰਨ ਨਾਲ ਕੋਈ ਸ਼ੋ ਸਫਲ ਨਹੀਂ ਹੁੰਦਾ। ਉਸ ਲਈ ਸੂਤਰਧਾਰ, ਮੇਰਾ ਮਤਲਬ ਇਕ ਚੰਗਾ ਸਟੇਜ ਸੰਚਾਲਕ ਵੀ ਅਜਿਹਾ ਹੋਣਾ ਚਾਹੀਦਾ ਹੈ ਜੋ ਪੇਸ਼ਕਾਰੀਆਂ ਦੇ ਨਾਲ-ਨਾਲ ਸਰੋਤਿਆਂ, ਕਲਾਕਾਰਾਂ ਅਤੇ ਪ੍ਰਬੰਧਕਾਂ ਵਿੱਚ ਤਾਲਮੇਲ ਬਣਾਈ ਰੱਖੇ। ਇਸ ਦੇ ਨਾਲ-ਨਾਲ ਸਭ ਦਾ ਮੰਨੋਰੰਜਨ ਵੀ ਬਿੰਨ੍ਹਾਂ ਰੁਕਾਵਟ ਨਿਰੰਤਰ ਚਲਦਾ ਰਹੇ। ਅਜਿਹਾ ਸੋਚਦੇ ਹੋਏ ਸਭ ਤੋਂ ਪਹਿਲਾਂ ਨਾਂ ਆਸ਼ਾ ਸ਼ਰਮਾ ਦਾ ਆਉਂਦਾ ਹੈ।

ਆਸ਼ਾ ਸ਼ਰਮਾ ਪੰਜਾਬੀ ਸੱਭਿਆਚਾਰ, ਕਲਾ, ਸੰਗੀਤ ਨਾਲ ਜੁੜੀ ਹੋਈ ਉਹ ਵਿਲੱਖਣ ਸ਼ਖਸੀਅਤ ਹੈ ਜੋ ਪਿਛਲੇ ਕਈ ਦਹਾਕਿਆਂ ਤੋਂ ਪੰਜਾਬੀ ਭਾਈਚਾਰੇ ਵਿੱਚ ਵਿਚਰਦਿਆਂ ਹਰ ਵਰਗ ਅਤੇ ਹਰ ਉਮਰ ਦੇ ਸਰੋਤਿਆਂ ਦਾ ਮਾਣ-ਸਨਮਾਨ ਬਣ ਚੁੱਕੀ ਹੈ। ਇਹੀ ਕਾਰਨ ਹੈ ਕਿ ਉਹ ਵੱਡੇ-ਵੱਡੇ ਕਲਾਕਾਰਾਂ ਨੂੰ ਸਟੇਜ ਤੋਂ ਪੇਸ਼ ਕਰਨ ਦਾ ਮਾਣ ਪ੍ਰਾਪਤ ਕਰ ਚੁੱਕੀ ਹੈ। ਉਹ ਅਜਿਹੀ ਵਿਲੱਖਣ ਸ਼ਖ਼ਸੀਅਤ ਦੀ ਮਾਲਕ ਹੈ ਜੋ ਕਿ ਬੜੇ ਲੰਬੇ ਅਰਸੇ ਤੋਂ ਪੰਜਾਬੀਆਂ ਦੇ ਦਿਲਾਂ 'ਤੇ ਰਾਜ ਕਰ ਰਹੀ ਹੈ। ਉਸ ਦੀ ਪੇਸ਼ਕਾਰੀ ਵਿੱਚ ਸਾਹਿੱਤ ਅਤੇ ਕਲਾ ਦਾ ਸੁਮੇਲ ਹੈ। ਜੋ ਸਰੋਤਿਆਂ ਨਾਲ ਆਪਣੇ ਨਾਲ ਲੈ ਕੇ ਚੱਲਦਾ ਹੈ।

ਆਸ਼ਾ ਸ਼ਰਮਾ ਦਾ ਜਨਮ ਪੰਜਾਬ ਦੇ ਸ਼ਹਿਰ ਬਰਨਾਲਾ ਦੇ ਨਜ਼ਦੀਕੀ ਪਿੰਡ ਸੇਖਾ ਵਿੱਚ ਹੋਇਆ। ਪਰ ਆਸ਼ਾ ਸ਼ਰਮਾ ਨੇ ਆਪਣੇ ਜੀਵਨ ਦਾ ਜਿਆਦਾ ਸਮਾਂ ਪੰਜਾਬ ਦੇ ਬਰਨਾਲਾ ਸ਼ਹਿਰ ਵਿੱਚ ਬਿਤਾਇਆ। ਇਹਨਾਂ ਨੇ ਐਮ. ਏ. ਅੰਗਰੇਜ਼ੀ ਅਤੇ ਬੀ.ਐਡ. ਤੱਕ ਦੀ ਪੜ੍ਹਾਈ ਉੱਚੇ ਦਰਜੇ ਦੇ ਵਿਦਿਆਰਥੀ ਵਜੋਂ ਪਾਸ ਕੀਤੀ। ਇਨ੍ਹਾਂ ਨੇ ਕਾਲਜ ਸਮੇਂ ਆਪਣੀ ਪੜਾਈ ਦੇ ਨਾਲ-ਨਾਲ ਬਤੌਰ ਮੈਗਜ਼ੀਨ ਐਡੀਟਰ ਵੀ ਸੇਵਾਵਾਂ ਨਿਭਾਈਆਂ। ਪੜਾਈ ਦੇ ਨਾਲ-ਨਾਲ ਆਪਣੇ ਸਾਹਿੱਤਕ ਅਤੇ ਸਭਿਆਚਾਰਕ ਸ਼ੌਕ ਨੂੰ ਕਾਇਮ ਰੱਖਦਿਆਂ। ਉਹ ਪੰਜਾਬੀ ਯੂਨੀਵਰਸਿਟੀ ਦੇ ਅੱਵਲ ਦਰਜੇ ਦੇ ਡਿਬੇਟਰ ਵੀ ਰਹੇ।

ਇੰਨਾਂ ਨੇ ਆਪਣੀ ਪੜ੍ਹਾਈ ਪੂਰੀ ਕਰਨ ਉਪਰੰਤ ਸੇਕਰਟ ਹਾਰਟ ਕਾਨਵੈਂਟ ਸਕੂਲ ਸਰਾਭਾ ਨਗਰ, ਲੁਧਿਆਣਾ ਵਿਖੇ ਅਤੇ ਬੀ. ਸੀ. ਐਮ. ਆਰੀਆ ਸਕੂਲ ਲੁਧਿਆਣਾ ਵਿੱਚ ਬਤੌਰ ਅਧਿਆਪਕ ਸੇਵਾਵਾਂ ਨਿਭਾਈਆਂ। ਜਿੱਥੇ ਸੱਭਿਆਚਾਰਕ ਸਟੇਜਾਂ ਦੀ ਪੇਸ਼ਕਾਰੀ ਵੀ ਕਰਦੇ ਰਹੇ। ਇਸ ਬਾਅਦ ਸਰਕਾਰੀ ਨੌਕਰੀ ਮਿਲਣ 'ਤੇ ਸ਼ਹਿਰ ਬਰਨਾਲਾ ਦੇ ਨੇੜਲੇ ਪਿੰਡ ਸ਼ਹਿਣੇ ਦੇ ਸਰਕਾਰੀ ਸਕੂਲ ਵਿੱਚ ਅਧਿਆਪਕਾ ਵਜੋਂ ਆਪਣੇ ਵਿਦਿਆਰਥੀਆਂ ਨੂੰ ਗਿਆਨ ਦੀ ਰੋਸ਼ਨੀ ਵੰਡੀ। ਇੰਨਾਂ ਸੇਵਾਵਾਂ ਨੂੰ ਦੇਖਦੇ ਹੋਏ ਪੰਜਾਬ ਸਿੱਖਿਆ ਵਿਭਾਗ ਵੱਲੋਂ ਇਹਨਾਂ ਨੂੰ ਸੀਨੀਅਰ ਪ੍ਰੋਜੈਕਟ ਆਫੀਸਰ (ਕਲਚਰ) ਵੀ ਲਗਾਇਆ ਗਿਆ।

ਅਧਿਆਪਨ ਦੇ ਦੌਰ ਤੋਂ ਹੀ ਆਸ਼ਾ ਸਰਮਾ ਨੇ ਸਟੇਜਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਸਨ, ਇਹਨਾਂ ਨੇ ਪੰਜਾਬ ਵਿੱਚ ਸੈਂਕੜੇ ਸਟੇਜਾਂ ਕਰਕੇ ਅਜਿਹੀ ਵਾਹ ਵਾਹ ਖੱਟੀ ਕਿ ਉਸ ਤੋਂ ਪਿੱਛੋਂ ਫਿਰ ਇਹਨਾਂ ਨੇ ਕਦੇ ਪਿੱਛੇ-ਮੁੜਕੇ ਨਹੀਂ ਵੇਖਿਆ। ਬੇਸ਼ੱਕ ਉਹ ਕਿਸੇ ਵੱਡੇ ਗਾਇਕ ਦਾ ਅਖਾੜਾ ਹੋਵੇ ਜਾਂ ਵੱਖ-ਵੱਖ ਥਾਂਵਾਂ 'ਤੇ ਲੱਗਣ ਵਾਲਾ ਪ੍ਰੋਫੈਸਰ ਮੋਹਨ ਸਿੰਘ ਯਾਦਗਾਰੀ ਮੇਲਾ ਹੋਵੇ। ਇਸ ਤੋਂ ਬਾਅਦ ਅੰਤਰਰਾਸ਼ਟਰੀ ਪੱਧਰ ਤੇ ਬਤੌਰ ਸਫਲ ਸਟੇਜ ਸੰਚਾਲਕਾ ਸਫ਼ਰ ਕੀਤਾ।

ਇਸੇ ਅੰਤਰਰਾਸ਼ਟਰੀ ਸਫ਼ਰ ਦੇ ਚਲਦਿਆਂ ਅਮਰੀਕਾ ਦੀ ਸਟੇਟ ਕੈਲੀਫੋਰਨੀਆਂ ਨੂੰ ਆਸ਼ਾ ਸ਼ਰਮਾਂ ਨੇ ਪੱਕੇ ਤੌਰ 'ਤੇ ਆਪਣਾ ਘਰ ਬਣਾ ਲਿਆ। ਇੱਥੇ ਰਹਿੰਦਿਆਂ ਇਹ ਸਿਰਫ਼ ਸਟੇਜਾਂ ਦੀ ਰੌਣਕ ਹੀ ਨਹੀਂ ਬਣੇ ਸਗੋਂ ਅਮਰੀਕਾ ਦੀ ਧਰਤੀ ਤੋਂ ਚੱਲਣ ਵਾਲੇ "ਗੀਤ-ਸੰਗੀਤ" ਰੇਡੀਓ ਦੇ ਮਾਧਿਅਮ ਰਾਹੀਂ ਹਰ ਘਰ ਦੇ ਵਿਹੜੇ ਦੀ ਰੌਣਕ ਵੀ ਬਣੇ, ਆਪਣੀ ਪਹਿਚਾਣ ਕਾਇਮ ਕੀਤੀ। ਅੱਜ ਵੀ ਉਹ ਸਟੇਜਾਂ ਅਤੇ ਰੇਡੀਓ ਦੇ ਸਾਧਨਾਂ ਰਾਹੀਂ ਭਾਈਚਾਰੇ ਦੀ ਸੇਵਾ ਕਰ ਰਹੇ ਹਨ। ਅਮਰੀਕਾ ਵਿੱਚ ਕੋਈ ਵੀ ਪੰਜਾਬੀ ਮੇਲਾ ਜਾਂ ਸਮਾਗਮ ਉਹਨਾਂ ਦੀ ਸ਼ਮੂਲੀਅਤ ਤੋਂ ਬਿਨਾਂ ਅਧੂਰਾ ਲੱਗਦਾ ਹੈ। ਸਟੇਜ਼ 'ਤੇ ਉਹ ਜਦ ਕਿਸੇ ਕਲਾਕਾਰ ਨੂੰ ਪੇਸ਼ ਕਰਦੇ ਹਨ ਤਾਂ ਓਸ ਕਲਾਕਾਰ ਦੀ ਕਲਾ, ਮਿਹਨਤ, ਅਤੇ ਯਾਤਰਾ ਨੂੰ ਇੰਨੇ ਸੁਚੱਜੇ ਢੰਗ ਨਾਲ ਦਰਸਾਉਂਦੇ ਹਨ ਕਿ ਦਰਸ਼ਕਾ ਨੂੰ ਆਪਣੀ ਪੇਸ਼ਕਾਰੀ ਦਾ ਹਿੱਸਾ ਬਣਾ ਲੈਂਦੇ ਹਨ। ਉਹਨਾਂ ਦੀ ਸ਼ਾਇਰੀ ਦੀ ਪਕੜ ਬਹੁਤ ਮਜ਼ਬੂਤ ਹੈ, ਜਿਵੇਂ ਕਿਤਾਬਾਂ ਦੀਆਂ ਕਿਤਾਬਾਂ ਉਨ੍ਹਾਂ ਦੇ ਜ਼ਿਹਨ 'ਚ ਹੋਣ। ਉਹ ਚਲਦੀ-ਫਿਰਦੀ ਇਕ ਲਾਇਬਰੇਰੀ ਤੋਂ ਘੱਟ ਨਹੀਂ। ਹਰ ਸੱਭਿਆਚਾਰਕ, ਸਾਹਿੱਤਕ ਅਤੇ ਧਾਰਮਿਕ ਸਮਾਗਮਾਂ ਵਿੱਚ ਸਮੇਂ ਦੇ ਅਨੁਸਾਰ ਗੱਲ ਕਰਨਾ ਅਤੇ ਆਪਣੇ ਚੰਗੇ ਅਤੇ ਸਿਹਤਮੰਦ ਵਿਚਾਰਾਂ ਨੂੰ ਸਾਂਝਾ ਕਰਨਾ ਇੰਨਾਂ ਦੇ ਸੁਭਾਅ ਦਾ ਅਨਿੱਖੜਵਾਂ ਅੰਗ ਹੈ।

ਇਸੇ ਕਰਕੇ ਬੇਹੱਦ ਮਿੱਠੇ ਬੋਲ, ਨਿਮਰਤਾ ਭਰਿਆ ਸੁਭਾਅ ਅਤੇ ਸਾਦਗੀ ਉਨ੍ਹਾਂ ਦੀ ਪਹਿਚਾਣ ਹੈ। ਲੋਕ ਉਨ੍ਹਾਂ ਨੂੰ ਬਹੁਤ ਮਾਣ ਸਤਿਕਾਰ ਅਤੇ ਵਡਿਆਈ ਦਿੰਦੇ ਹਨ। ਪਰ ਉਹ ਨਿਮਰ ਸੁਭਾਅ ਕਰਕੇ ਧਰਤੀ ਨਾਲ ਜੁੜੇ ਰਹਿਣਾ ਅਤੇ ਸਰਬੱਤ ਦਾ ਭਲਾ ਦੀ ਗੱਲ ਕਰਦੇ ਹਨ। ਹੰਕਾਰ ਨੂੰ ਕਦੇ ਓਹ ਕੋਲ ਨਹੀਂ ਆਉਣ ਦਿੰਦੇ। ਹਰਇੱਕ ਨੂੰ ਖੁੱਲ੍ਹੀ ਮੁਸਕਾਨ ਨਾਲ ਮਿਲਣਾ ਉਨ੍ਹਾਂ ਦੀ ਆਦਤ ਨਹੀਂ, ਸਗੋਂ ਫਿਤਰਤ ਹੈ। ਜੇਕਰ ਉਨ੍ਹਾਂ ਨੂੰ "ਇਨਸਾਈਕਲੋਪੀਡੀਆਂ ਆਫ ਪੰਜਾਬੀ ਲਿਟਰੇਚਰ" ਦਾ ਮਾਣ ਦਿੱਤਾ ਜਾਵੇ ਤਾਂ ਕੋਈ ਅੱਤ ਕਥਨੀ ਨਹੀਂ ਹੋਵੇਗੀ।

ਉਨ੍ਹਾਂ ਦੇ ਜੀਵਨ ਸਾਥੀ ਹਰਮੋਹਨ ਸਿੰਘ (ਹੈਰੀ ਭਾਜੀ) ਇਕ ਪੜ੍ਹੇ ਲਿਖੇ, ਨਿਮਰ ਤੇ ਕਿਰਤ ਕਰਨ ਵਾਲੇ ਬਹੁਤ ਪਿਆਰੇ ਇਨਸਾਨ ਹਨ। ਜੋ ਹਰ ਸਮੇਂ ਉਨ੍ਹਾਂ ਦੇ ਕਦਮ ਨਾਲ ਕਦਮ ਮਿਲਾ ਚੱਲਦੇ ਹਨ। ਉਨ੍ਹਾਂ ਦੀ ਇੱਕ ਧੀ ਵੀ ਹੈ ਜਿਸਦਾ ਨਾਮ ਸੁਕ੍ਰਿਤੀ ਹੈ। ਇਹਨਾਂ ਦੇ ਜਵਾਈ ਅਭੀਨਵ ਸਿੰਘ ਪਲਾਹੀ, ਪੰਜਾਬੀ ਦੇ ਨਾਮਵਰ ਕਹਾਣੀਕਾਰ ਤੇ ਸਮਾਜਸੇਵੀ ਸ. ਗੁਰਮੀਤ ਸਿੰਘ ਪਲਾਹੀ ਦੇ ਬੇਟੇ ਹਨ। ਆਸ਼ਾ ਸ਼ਰਮਾ ਜੀ ਆਪਣੇ ਜਵਾਈ ਅਤੇ ਕੁੜਮ, ਪਲਾਹੀ ਪਰਿਵਾਰ ਦੀਆਂ ਸਿਫ਼ਤਾਂ ਕਰਦੇ ਨਹੀਂ ਥੱਕਦੇ। ਦੋਵੇ ਪਰਿਵਾਰ ਸਾਹਿੱਤਕ ਅਤੇ ਸੱਭਿਆਚਾਰਕ ਸਾਂਝ ਰੱਖਣ ਕਰਕੇ ਆਪਸੀ ਗੂੜਾ ਪਿਆਰ ਰੱਖਦੇ ਹਨ। ਆਸ਼ਾ ਸ਼ਰਮਾ ਦਾ ਆਪਣੇ ਦੋਵੇਂ ਦੋਹਤਿਆਂ ਏਕਮ ਅਤੇ ਆਰਵ ਨਾਲ ਵੱਖਰਾ ਹੀ ਪਿਆਰ ਹੈ। ਜਿਸ ਸਦਕਾ ਉਨ੍ਹਾਂ ਨੂੰ ਸਾਹਿੱਤ ਨਾਲ ਜੋੜੀ ਰੱਖਣ ਲਈ ਉਪਰਾਲੇ ਕਰਦੇ ਰਹਿੰਦੇ ਹਨ। ਵੱਡਾ ਦੋਹਤਾ ਏਕਮ ਬਾਲ ਲੇਖਕ ਹੈ। ਜਿਸ ਦੀਆਂ ਬੱਚਿਆਂ ਲਈਂ ਅੰਗਰੇਜੀ ਵਿੱਚ ਤਿੰਨ ਕਿਤਾਬਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ। ਜਦ ਕਿ ਕੁਝ ਸਮਾਂ ਪਹਿਲਾਂ ਇੰਨਾਂ ਨੇ ਆਪਣੇ ਦੋਹਤੇ ਆਰਵ ਲਈ ਇੱਕ ਯੂਟਿਊਬ ਚੈਨਲ ਵੀ ਸ਼ੁਰੂ ਕੀਤਾ ਹੈ। ਜਿਸ ਰਾਹੀਂ ਆਰਵ ਛੋਟੀਆਂ ਕਵਿਤਾਵਾਂ, ਕਹਾਣੀਆਂ ਜਾਂ ਰਿਸ਼ਤਿਆਂ ਦੀ ਗੱਲ ਆਪਣੀ ਨਾਨੀ ਦੀ ਅਗਵਾਈ ਨਾਲ ਸਾਂਝੀ ਕਰਦਾ ਹੈ। ਆਸ਼ਾ ਸ਼ਰਮਾ ਆਪਣੇ ਪਿਤਾ ਸਵ. ਮਾਸਟਰ ਸਰੂਪ ਸਿੰਘ ਜੀ ਨੂੰ ਆਪਣਾ ਅਦਰਸ਼ ਮੰਨਦੇ ਹਨ ਅਤੇ ਉਹ ਅਦਰਸ਼ ਜੋ ਅੱਜ ਉਨ੍ਹਾਂ ਦੀ ਸੋਚ, ਕਿਰਦਾਰ ਅਤੇ ਜੀਵਨ ਰਾਹ ਨੂੰ ਰੁਸ਼ਨਾ ਰਿਹਾ ਹੈ।



ਆਸ਼ਾ ਸ਼ਰਮਾ ਨਾ ਸਿਰਫ ਸਟੇਜ ਤੇ ਰੇਡੀਓ ਦੀ ਆਵਾਜ਼ ਹਨ, ਸਗੋਂ ਪੰਜਾਬੀਅਤ ਦੀ ਮਿੱਠੀ ਮਹਿਕ ਹਨ, ਜੋ ਜਿੱਥੇ ਵੀ ਜਾਂਦੇ ਨੇ, ਸਭਨੂੰ ਆਪਣਾ ਬਣਾ ਲੈਂਦੇ ਹਨ, ਸਭ ਦੇ ਦਿਲਾਂ ਨੂੰ ਛੂਹ ਜਾਂਦੇ ਹਨ। ਮੈਨੂੰ ਪੰਜਾਬ ਵਿੱਚ ਰਹਿੰਦਿਆਂ ਬਤੌਰ ਵਿਦਿਆਰਥੀ ਅਤੇ ਹੁਣ ਅਮਰੀਕਾ ਵਿੱਚ ਵਿਚਰਦੇ ਹੋਏ ਬਤੌਰ ਪੱਤਰਕਾਰ ਇੰਨਾਂ ਨੂੰ ਸਟੇਜਾਂ ਤੋਂ ਸੁਣਨ ਅਤੇ ਅਸ਼ੀਰਵਾਦ ਪ੍ਰਾਪਤ ਕਰਨ ਦਾ ਮੌਕਾ ਅਕਸਰ ਮਿਲਦਾ ਰਹਿੰਦਾ ਹੈ। ਉਨ੍ਹਾਂ ਦੀ ਯਾਦਾਸ਼ਤ ਇੰਨੀ ਬਲਵਾਨ ਹੈ ਕਿ ਹਰ ਮੌਕੇ ਦੇ ਹਿਸਾਬ ਨਾਲ ਪੇਸ਼ਕਾਰੀ ਕਰਨੀ ਸਿਰਫ਼ ਉਨ੍ਹਾਂ ਦੇ ਹਿੱਸੇ ਹੀ ਆਇਆ। ਇਸੇ ਤਰ੍ਹਾਂ ਜਿੱਥੇ ਸਰੋਤੇ ਉਨਾਂ ਦੇ ਨਾਂ ਤੋਂ ਜਾਣਕਾਰ ਹਨ, ਉਸੇ ਤਰ੍ਹਾਂ ਭਰੇ ਪੰਡਾਲ ਵਿੱਚ ਉਹ ਵੀ ਬਹੁ ਗਿਣਤੀ ਸਰੋਤਿਆਂ ਦੇ ਨਾਂ ਤੇ ਵਾਕਫ ਹਨ ਅਤੇ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਦੇਣਾ ਕਦੇ ਵੀ ਨਹੀਂ ਭੁੱਲਦੇ। ਉਹ ਮਿੱਠ ਬੋਲੜੇ ਸੁਭਾਅ ਅਤੇ ਸਾਹਿੱਤਕ ਸਖਸ਼ੀਅਤ ਦੇ ਮਾਲਕ ਹਨ। ਪਰਮਾਤਮਾ ਅੱਗੇ ਅਰਦਾਸ ਹੈ ਕਿ ਸਾਡੀ ਵੱਡੀ ਭੈਣ ਆਸ਼ਾ ਸ਼ਰਮਾ ਲੰਮੀਆਂ ਉਮਰਾਂ ਮਾਣੇ ਤੇ ਇਸੇ ਤਰਾਂ ਪੰਜਾਬੀਅਤ ਦੀ ਮਹਿਕ ਖਿਲਾਰਦੀ ਰਹੇ।








SUNSHINE AUTO CARE INC
WE REPAIR ALL"
AUTO • DIESEL TRUCKS • TRAILERS
All Makes & Models
FULL SERVICE AUTO & DIESEL REPAIR
Engine Diagnostics
Brake Service
Engine Diagnostics
Brake Service
Suspension & Steering
Diesel Truck Repair
Trailer Repair
Reliable • Professional • Fast Service
1003 MOFFAT BLVD.• MANTECA, CA 95336
209-239-1551

web -www.globaldrugtestinginc@gmail.com
email -info@globaltruckpermits.com

# ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ

GLOBAL TRUCK PERMITS

## GLOBAL TRUCK PERMITS

ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ

ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ

- New Company Permits
- IRP Plates
- Trailer Plates
- Truck ELD
- DOT Drug Testing



DOT Drug Testing | Compliance Services | Driver Hiring

Driver Files | Safety Audit | Clearing House | Driver Management





"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"

ਰਾਜਿੰਦਰ ਟਾਂਡਾ

ਅੱਜ ਹੀ ਕਾਲ ਕਰੋ :

Ph : (209) 636-0880 | Ph : (209) 364-3020 | Cell :(510) 557-6988

Address: 159 Darcy Pkwy Lathrop, CA 95330

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com





ਬਰਜਿੰਦਰ ਕੌਰ ਬਿਸਰਾਓ
99889-01324

# ਖ਼ਤਮ ਹੋ ਰਹੇ ਰਵਾਇਤੀ ਰੁੱਖ ਚਿੰਤਾ ਦਾ ਵਿਸ਼ਾ

ਇੱਕ ਸਮਾਂ ਸੀ ਜਦੋਂ ਪੰਜਾਬ ਦੇ ਹਰ ਪਿੰਡ ਵਿੱਚ ਪਿੱਪਲ, ਬੋਹੜ, ਨਿੰਮ, ਟਾਹਲੀ, ਕਿੱਕਰ, ਜਾਮਣ, ਧਰੇਕ, ਬੇਰੀ ਅਤੇ ਟਾਹਲੀ ਵਰਗੇ ਦਰਖ਼ਤ ਆਮ ਹੀ ਦਿਖਾਈ ਦਿੰਦੇ ਸਨ। ਪਿੰਡਾਂ ਦੀਆਂ ਸੱਥਾਂ ਪਿੱਪਲਾਂ ਅਤੇ ਬੋਹੜਾਂ ਦੀ ਛਾਂ ਹੇਠ ਲੱਗਦੀਆਂ ਸਨ। ਬੱਚੇ ਇਨ੍ਹਾਂ ਦੀਆਂ ਟਾਹਣੀਆਂ 'ਤੇ ਪੀਂਘਾਂ ਪਾਉਂਦੇ ਸਨ, ਕੁੜੀਆਂ ਵੀ ਤੀਆਂ ਦਾ ਤਿਉਹਾਰ ਇਹਨਾਂ ਦਰਖ਼ਤਾਂ ਦੇ ਮੋਟੇ ਟਾਹਣਿਆਂ ਤੇ ਲੱਜਾਂ ਨਾ਼ਲ ਪੀਂਘਾਂ ਪਾ ਕੇ ਅਸਮਾਨੀ ਚੜ੍ਹਾਉਂਦੀਆਂ ਹੋਈਆਂ ਮਨਾਉਂਦੀਆਂ ਸਨ। ਕਈ ਕਿਸਮਾਂ ਦੇ ਪੰਛੀ ਇਨ੍ਹਾਂ ਵਿੱਚ ਆਪਣੇ ਆਲ੍ਹਣੇ ਬਣਾਉਂਦੇ ਸਨ। ਇਹ ਦਰਖ਼ਤ ਸਿਰਫ਼ ਰੁੱਖ ਨਹੀਂ ਸਨ, ਸਗੋਂ ਸਾਡੀ ਜ਼ਿੰਦਗੀ ਅਤੇ ਸੱਭਿਆਚਾਰ ਦਾ ਅਹਿਮ ਹਿੱਸਾ ਸਨ।

ਕੁਦਰਤ ਨੇ ਸਾਨੂੰ ਬੇਸ਼ਕੀਮਤੀ ਦਾਤਾਂ ਦਿੱਤੀਆਂ ਹਨ, ਜਿਨ੍ਹਾਂ ਵਿੱਚ ਰੁੱਖਾਂ ਦਾ ਸਥਾਨ ਸਭ ਤੋਂ ਉੱਚਾ ਹੈ। ਰੁੱਖ ਸਾਨੂੰ ਸਾਹ ਲੈਣ ਲਈ ਆਕਸੀਜਨ, ਫ਼ਲ, ਫੁੱਲ, ਛਾਂ, ਲੱਕੜ ਅਤੇ ਸਾਫ਼-ਸੁਥਰਾ ਵਾਤਾਵਰਣ ਦਿੰਦੇ ਹਨ। ਪਰ ਅੱਜ ਦੁੱਖ ਦੀ ਗੱਲ ਹੈ ਕਿ ਸਾਡੇ ਰਵਾਇਤੀ ਰੁੱਖ ਹੌਲੀ-ਹੌਲੀ ਅਲੋਪ ਹੁੰਦੇ ਜਾ ਰਹੇ ਹਨ। ਇਹ ਸਿਰਫ਼ ਵਾਤਾਵਰਣ ਲਈ ਹੀ ਨਹੀਂ, ਸਗੋਂ ਸਾਡੇ ਸੱਭਿਆਚਾਰ ਅਤੇ ਵਿਰਸੇ ਲਈ ਵੀ ਵੱਡੀ ਚਿੰਤਾ ਦਾ ਵਿਸ਼ਾ ਹੈ। ਘਰਾਂ, ਪਿੰਡਾਂ ਅਤੇ ਸੜਕਾਂ ਕਿਨਾਰੇ ਲੱਗੇ ਇਹ ਰਵਾਇਤੀ ਦਰਖ਼ਤ ਜਿੱਥੇ ਵਾਤਾਵਰਨ ਨੂੰ ਸਾਫ਼ ਸੁਥਰਾ ਰੱਖਦੇ ਸਨ ਉੱਥੇ ਹੀ ਕੁਦਰਤ ਦੀ ਵਿਲੱਖਣਤਾ ਨੂੰ ਵੀ ਚਾਰ ਚੰਨ ਲਾਉਂਦੇ ਸਨ।

ਅੱਜ ਇਨ੍ਹਾਂ ਦਰਖ਼ਤਾਂ ਦੀ ਥਾਂ ਸੜਕਾਂ ਅਤੇ ਵੱਡੀਆਂ ਵੱਡੀਆਂ ਇਮਾਰਤਾਂ ਜਾਂ ਫਿਰ ਸੜਕਾਂ ਕਿਨਾਰੇ ਵੱਡੀਆਂ ਵੱਡੀਆਂ ਆਲੀਸ਼ਾਨ ਬਿਲਡਿੰਗਾਂ,ਢਾਬਿਆਂ ਜਾਂ ਮਾਰਕੀਟਾਂ ਨੇ ਲੈ ਲਈ ਹੈ। ਵਿਕਾਸ ਦੇ ਨਾਂ 'ਤੇ ਹਜ਼ਾਰਾਂ ਪੁਰਾਣੇ ਰੁੱਖ ਕੱਟੇ ਜਾ ਰਹੇ ਹਨ। ਲੋਕ ਜਲਦੀ ਵਧਣ ਵਾਲੇ ਵਿਦੇਸ਼ੀ ਬੂਟੇ ਤਾਂ ਲਗਾ ਰਹੇ ਹਨ, ਪਰ ਆਪਣੇ ਰਵਾਇਤੀ ਦਰਖ਼ਤਾਂ ਨੂੰ ਭੁੱਲਦੇ ਜਾ ਰਹੇ ਹਨ। ਜਿਸ ਕਾਰਨ ਨਾ ਸਿਰਫ਼ ਹਰਿਆਲੀ ਘਟ ਰਹੀ ਹੈ, ਸਗੋਂ ਪੰਛੀਆਂ ਅਤੇ ਹੋਰ ਜੀਵਾਂ ਦਾ ਕੁਦਰਤੀ ਆਸਰਾ ਵੀ ਖ਼ਤਮ ਹੋ ਰਿਹਾ ਹੈ।ਪੰਛੀਆਂ ਦੀਆਂ ਕਈ ਨਸਲਾਂ ਤਾਂ ਦਰਖ਼ਤਾਂ ਦੇ ਅਲੋਪ ਹੋਣ ਨਾਲ ਹੀ ਅਲੋਪ ਹੋ ਗਈਆਂ ਹਨ। ਰਵਾਇਤੀ ਦਰਖ਼ਤਾਂ ਦੇ ਘਟਣ ਨਾ਼ਲ ਤਾਪਮਾਨ ਤੇਜ਼ੀ ਨਾ਼ਲ ਵਧ ਰਿਹਾ ਹੈ, ਵਰਖਾ ਦਾ ਚੱਕਰ ਵੀ ਪ੍ਰਭਾਵਿਤ ਹੋ ਰਿਹਾ ਹੈ ਅਤੇ ਹਵਾ ਦਾ ਪ੍ਰਦੂਸ਼ਣ ਵੀ ਤੇਜ਼ੀ ਨਾ਼ਲ ਵਧਦਾ ਜਾ ਰਿਹਾ ਹੈ।

ਨਿੰਮ ਵਰਗੇ ਦਰਖ਼ਤ ਕੁਦਰਤੀ ਤੌਰ 'ਤੇ ਹਵਾ ਨੂੰ ਸ਼ੁੱਧ ਕਰਦੇ ਹਨ, ਜਦਕਿ ਪਿੱਪਲ ਅਤੇ ਬੋਹੜ ਵਾਤਾਵਰਣ ਨੂੰ ਸੰਤੁਲਿਤ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਨ੍ਹਾਂ ਦੀ ਘਾਟ ਦਾ ਅਸਰ ਸਾਡੀ ਸਿਹਤ 'ਤੇ ਵੀ ਪੈ ਰਿਹਾ ਹੈ। ਪਹਿਲਾਂ ਪਿੰਡਾਂ ਵਿੱਚ ਹਰ ਘਰ ਦੇ ਵਿਹੜੇ ਵਿੱਚ ਨਿੰਮ ਦਾ ਰੁੱਖ ਜ਼ਰੂਰ ਹੁੰਦਾ ਸੀ,ਜਿਸ ਦੀ ਛਾਂ ਹੇਠ ਬੈਠ ਕੇ ਸਾਡੇ ਬੱਚੇ,ਜਵਾਨ ਬਜ਼ੁਰਗ ਨਾ ਸਿਰਫ਼ ਠੰਢਕ ਮਹਿਸੂਸ ਕਰਦੇ ਸਨ ਸਗੋਂ ਕਈ ਰੋਗਾਂ ਤੋਂ ਛੁਟਕਾਰਾ ਵੀ ਪਾਉਂਦੇ ਸਨ।ਘਰ ਵਿੱਚ ਹੀ ਨਿੰਮ ਦੀਆਂ ਟਹਿਣੀਆਂ ਨਾਲੋਂ ਤੋੜ ਕੇ ਦੰਦ ਸਾਫ਼ ਕਰਨ ਲਈ ਦਾਤਣ ਬਣਾ ਲੈਂਦੇ ਸਨ ਜੋ ਦੰਦਾਂ ਨੂੰ ਤੰਦਰੁਸਤ ਰੱਖਣ ਦਾ ਉੱਤਮ ਸਾਧਨ ਹੁੰਦਾ ਸੀ। ਹਰ ਪਿੰਡ ਵਿੱਚ ਚੌਵੀ ਘੰਟੇ ਆਕਸੀਜਨ ਦੇਣ ਵਾਲੇ ਪਿੱਪਲ ਤੇ ਬੋਹੜ ਦੇ ਦਰਖਤ ਆਮ ਹੀ ਹੁੰਦੇ ਸਨ ਜਿੱਥੇ ਬੱਚੇ ਸ਼ਾਮ ਨੂੰ ਰਵਾਇਤੀ ਖੇਡਾਂ ਖੇਡਦੇ ਹੋਏ ਦਰਖ਼ਤਾਂ ਦੀ ਤਾਜ਼ੀ ਹਵਾ ਨਾ਼ਲ ਆਪਣੇ ਆਪ ਨੂੰ ਕੁਦਰਤ ਨਾ਼ਲ ਜੋੜਦੇ ਸਨ। ਕਿੱਕਰਾਂ ਨੂੰ ਲੱਗਣ ਵਾਲੇ ਫਲਾਂ ਤੁੰਮਿਆਂ ਤੋਂ ਕਈ ਤਰ੍ਹਾਂ ਦੀਆਂ ਦਵਾਈਆਂ ਬਣਦੀਆਂ ਸਨ। ਲੋਕ ਤੁੰਮਿਆਂ ਦਾ ਅਚਾਰ ਖਾ ਕੇ ਵੀ ਤੰਦਰੁਸਤੀ ਨੂੰ ਕਾਇਮ ਰੱਖਦੇ ਸਨ। ਜਾਮਣਾਂ ਅਤੇ ਬੇਰੀਆਂ ਦਾ ਤਾਂ ਆਪਣੇ ਆਪ ਵਿੱਚ ਇੱਕ ਵਿਲੱਖਣ ਸਥਾਨ ਸੀ। ਪੁਰਾਤਨ ਬਚਪਨ ਇਨ੍ਹਾਂ ਦਰਖ਼ਤਾਂ ਨਾ਼ਲ ਜੁੜਿਆ ਹੋਇਆ ਸੀ।

ਰਵਾਇਤੀ ਦਰਖ਼ਤਾਂ ਦੇ ਅਲੋਪ ਹੋਣ ਨਾਲ ਸਾਡਾ ਸੱਭਿਆਚਾਰਕ ਵਿਰਸਾ ਵੀ ਕਮਜ਼ੋਰ ਹੋ ਰਿਹਾ ਹੈ। ਪੰਜਾਬੀ ਲੋਕ-ਗੀਤਾਂ, ਕਹਾਵਤਾਂ, ਸਾਖੀਆਂ ਅਤੇ ਲੋਕ-ਕਥਾਵਾਂ ਵਿੱਚ ਇਨ੍ਹਾਂ ਦਰਖ਼ਤਾਂ ਦਾ ਵਾਰ-ਵਾਰ ਜ਼ਿਕਰ ਮਿਲਦਾ ਹੈ।

"ਪਿੱਪਲਾ ਵੇ ਮੇਰੇ ਪਿੰਡ ਦਿਆ,
ਤੇਰੀਆਂ ਠੰਢੀਆਂ ਛਾਵਾਂ,"
"ਨਿੰਮ ਹੇਠ ਕੱਤਿਆ ਕਰੂੰ,
ਲੈ ਦੇ ਚਰਖਾ ਸ਼ੀਸ਼ਿਆਂ ਵਾਲਾ।"
"ਕੌੜੀ ਨਿੰਮ ਨੂੰ ਪਤਾਸੇ ਲੱਗਦੇ,
ਜਿੱਥੋਂ ਮੇਰਾ ਵੀਰ ਲੰਘ ਜੇ।"

ਜੇ ਸਾਡੇ ਇਹ ਰਵਾਇਤੀ ਦਰਖ਼ਤ ਹੀ ਨਹੀਂ ਰਹਿਣਗੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਿਰਫ਼ ਕਿਤਾਬਾਂ ਵਿੱਚ ਹੀ ਇਨ੍ਹਾਂ ਦੇ ਨਾਂ ਪੜ੍ਹਨਗੀਆਂ। ਸਮੇਂ ਦੀ ਲੋੜ ਹੈ ਕਿ ਅਸੀਂ ਆਪਣੇ ਰਵਾਇਤੀ ਦਰਖ਼ਤਾਂ ਦੀ ਮਹੱਤਤਾ ਨੂੰ ਸਮਝੀਏ। ਹਰ ਪਰਿਵਾਰ ਨੂੰ ਹਰ ਸਾਲ ਘੱਟੋ-ਘੱਟ ਇੱਕ ਪਿੱਪਲ, ਨਿੰਮ, ਬੋਹੜ, ਜਾਮਣ ਜਾਂ ਸ਼ੀਸ਼ਮ ਦਾ ਬੂਟਾ ਲਗਾਉਣਾ ਚਾਹੀਦਾ ਹੈ। ਸਕੂਲਾਂ, ਕਾਲਜਾਂ, ਪੰਚਾਇਤਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਵੀ ਰਵਾਇਤੀ ਦਰਖ਼ਤ ਲਗਾਉਣ ਲਈ ਵਿਸ਼ੇਸ਼ ਮੁਹਿੰਮਾਂ ਚਲਾਉਣੀਆਂ ਚਾਹੀਦੀਆਂ ਹਨ। ਸਰਕਾਰ ਨੂੰ ਵੀ ਵਿਕਾਸ ਕਾਰਜਾਂ ਦੇ ਨਾਲ-ਨਾਲ ਸਾਡੇ ਇਹਨਾਂ ਪੁਰਾਣੇ ਰਵਾਇਤੀ ਰੁੱਖਾਂ ਦੀ ਸੰਭਾਲ ਨੂੰ ਪਹਿਲ ਦੇਣੀ ਚਾਹੀਦੀ ਹੈ।

ਰਵਾਇਤੀ ਰੁੱਖਾਂ ਦਾ ਖ਼ਤਮ ਹੋਣਾ ਸਿਰਫ਼ ਕੁਦਰਤ ਦਾ ਨਹੀਂ, ਸਗੋਂ ਸਾਡੀ ਪਹਿਚਾਣ, ਸਭਿਆਚਾਰ ਅਤੇ ਵਿਰਸੇ ਦਾ ਵੀ ਨੁਕਸਾਨ ਹੋਣਾ ਹੈ। ਜੇ ਅਸੀਂ ਅੱਜ ਇਨ੍ਹਾਂ ਨੂੰ ਬਚਾਉਣ ਲਈ ਯਤਨ ਨਾ ਕੀਤੇ ਤਾਂ ਆਉਣ ਵਾ਼ਲੀਆਂ ਪੀੜ੍ਹੀਆਂ ਸਾਨੂੰ ਕਦੇ ਮਾਫ਼ ਨਹੀਂ ਕਰਨਗੀਆਂ। ਆਓ, ਆਪਣੇ ਰਵਾਇਤੀ ਦਰਖ਼ਤਾਂ ਨੂੰ ਬਚਾਉਣ ਦਾ ਸੰਕਲਪ ਲਈਏ, ਕਿਉਂਕਿ ਜੇ ਸਾਡੇ ਰਵਾਇਤੀ ਰੁੱਖ ਬਚਣਗੇ ਤਾਂ ਹੀ ਕੁਦਰਤ ਬਚੇਗੀ, ਜੇ ਕੁਦਰਤ ਬਚੇਗੀ ਤਾਂ ਹੀ ਮਨੁੱਖਤਾ ਸੁਰੱਖਿਅਤ ਅਤੇ ਤੰਦਰੁਸਤ ਰਹਿ ਸਕਦੀ ਹੈ।

Now Open New Banquet Hall in Sacramento
For more info: Contact Paul : (916)334-6000



WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency

CST # 207524-40

Special Fares To India From West-coast (us) On Air India Direct Flights



LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108, FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA

ਡਤਾਈਵਰ ਵੀ ਜਿੰਦਗੀ ਦੇ
2 ਸਭ ਤੋਂ ਵੱਡੇ ਦੁਸ਼ਮਣ ਕੌਣ?
ਕਾਗਜ਼ ਤੇ ਘਾਣ ਦਾ ਇਨਵੌਇਸ!



# ਇਨਵੌਇਸ ਬਣਾਓ ਆਸਾਨ, ਤੇ ਚਲੋ ਬੱਸ ਮਸਤਾਨ!

ਘੱਟ ਕਾਗਜ਼ੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ **Traki** ਨਾਲ.

**ਕਾਗਜ਼ ਸੰਭਾਲੋ**
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.

**ਇਨਵੌਇਸ ਬਣਾਓ**
AI ਮਦਦ ਨਾਲ ਆਟੋ ਫਿਲ ਅਤੇ ਪੇਸ਼ੇਵਰ ਇਨਵੌਇਸ ਤਿਆਰ.

**ਕਮਾਈ ਵਧਾਓ**
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.

**ਅੱਜ ਹੀ ਸ਼ੁਰੂ ਕਰੋ!**
**3 ਦਿਨ ਦਾ ਮੁਫ਼ਤ TRIAL ਮਿਲੇਗਾ!**
ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!

QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!

**ਟਾਈਮ ਬਚਾਓ**
ਕਾਗਜ਼ੀ ਕੰਮ ਘੱਟ, ਡਰਾਈਵ ਵੱਧ.

**ਗਲਤੀ ਘੱਟ**
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.

**ਆਫਲਾਈਨ ਕੰਮ**
ਇੰਟਰਨੈੱਟ ਬਿਨ੍ਹਾਂ ਵੀ ਸਭ ਕੁਝ ਚੱਲਦਾ.

**ਸਭ ਕੁਝ ਇੱਕ ਜਗ੍ਹਾ**
ਡੌਕੂਮੈਂਟ, ਇਨਵੌਇਸ ਤੇ ਰਿਪੋਰਟ – ਸਭ ਨਾਲ.

ਹੋਰ ਜਾਣਕਾਰੀ ਲਈ ਵੇਖੋ | TRAKIAPP.COM

TRAKI
ਡਰਾਈਵਰ ਦਾ ਅਸਲੀ ਯਾਰ.


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841 +1-917-915-4142
FREMONT, CA
3155 KEARNEY ST, SUITE #248, FREMONT, CA 94538 +1-510-657-6444
NEW YORK, NY
108-14 JAMAICA AVENUE, RICHMOND HILL, NY 11418 +1-718-533-8444
FRESNO, CA
1625 E SHAW AVE #122, FRESNO, CA 93711 +1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820 +1-732-453-6699
LOS ANGELES, CA
1013 N BEGONIA AVE, ONTARIO, CA 91762 +1-917-915-4142
CONTACT
+1-917-915-4142
Jaspreetsinghlaoffice@gmail.com

# ਮੇਰੀ ਮਾਂ

ਨਮਨ ਤੈਨੂੰ ਹੈ ਮੇਰੀ ਮਾਂ,
ਤੂੰ ਸੰਸਕਾਰਾਂ ਦੀ ਮੂਰਤ ਹੈਂ।
ਜ਼ਿੰਦਗੀ ਦੀ ਹਰ ਔਖੀ ਘੜੀ ਵਿੱਚ,
ਤੇਰੀ ਹੀ ਸਭ ਤੋਂ ਵੱਧ ਲੋੜ ਪੈਂਦੀ ਹੈ।
ਤੂੰ ਮਮਤਾ ਦੀ ਦੇਵੀ ਹੈਂ,
ਤੂੰ ਪਿਆਰ ਦੀ ਮੂਰਤ ਹੈਂ।
ਉੱਚ-ਨੀਚ ਦੀ ਸਮਝ ਬਖ਼ਸ਼ਦੀ,
ਜੀਵਨ ਦਾ ਸਹੀ ਰਾਹ ਵਿਖਾਂਦੀ।
ਸਦਗੁਣਾਂ ਦਾ ਅਥਾਹ ਖਜ਼ਾਨਾ,
ਦੇਵਤੇ ਵੀ ਕਰਦੇ ਤੇਰਾ ਗੁਣਗਾਨ।
ਤਿਆਗ ਦੀ ਅਦੁੱਤੀ ਮਿਸਾਲ,
ਤੇਰੀ ਮਮਤਾ ਹੈ ਬੇਮਿਸਾਲ।
ਤੇਰੇ ਆਂਚਲ ਦੀ ਛਾਂ ਹੇਠਾਂ,
ਸਾਰੇ ਦੁੱਖ ਭੁੱਲ ਜਾਂਦਾ ਹਾਂ।
ਤੇਰੇ ਆਸ਼ੀਰਵਾਦ ਸਦਕਾ ਹੀ,
ਜ਼ਿੰਦਗੀ ਦੇ ਹਰ ਸੁੱਖ ਨੂੰ ਪਾਂਦਾ ਹਾਂ।
ਤੇਰੇ ਬਿਨਾ ਅਧੂਰੀ ਲੱਗੇ,
ਜ਼ਿੰਦਗੀ ਦੀ ਹਰ ਖੁਸ਼ੀ।
ਤੇਰੀ ਕਿਰਪਾ ਨਾਲ ਹੀ ਮਿਲਦੀ,
ਸੱਚਾ ਸੁੱਖ ਤੇ ਮਨ ਦੀ ਸ਼ਾਂਤੀ।
ਤੇਰੇ ਬਿਨਾ ਜ਼ਿੰਦਗੀ ਸੁੰਨੀ-ਸੁੰਨੀ,
ਤੂੰ ਹੀ ਮੇਰੇ ਜੀਵਨ ਦੀ ਜੋਤ ਹੈਂ।

SANJHI SOCH
ਲਕਸ਼ਮੀ ਕਨੌਡੀਆ ਅਨਿਕਾ
ਅਨੁਪਮ ਐਨਕਲੇਵ,ਖੁਰਜਾ
(ਬੁਲੰਦਸ਼ਹਿਰ) ਉੱਤਰ ਪ੍ਰਦੇਸ਼
9258441297



# .ਗਜ਼ਲ

ਸਾਧਾਂ ਦੇ ਨਾਲ ਸਾਧ ਮਿਲਣਗੇ ਚੋਰਾਂ ਦੇ ਨਾਲ ਚੋਰ।
ਫੁੱਲ ਗੁਲਾਬੀ ਬਣ ਨਈਂ ਸਕਦੀ ਕੰਢਿਆਂ ਵਾਲੀ ਥੋਰ।
ਤੇਰੀ ਸੁੰਦਰਤਾ ਨੂੰ ਇਹ ਰੱਬ ਹੋਰ ਬੁਲੰਦੀ ਦੇਵੇ,
ਬੇਸ਼ਕ ਸਾਡੇ ਚਾਵਾਂ ਵਾਲੇ ਗਹਿਣੇਂ ਲੈ ਜਾ ਹੋਰ।
ਗੁੱਡੀ ਜਿੰਨੀ ਮਰਜੀ ਸੁੰਦਰ ਸੋਨ ਸੁਨੱਖੀ ਹੋਵੇ,
ਉਸ ਦੀ ਕੀਮਤ ਤਾਂ ਹੀ ਪੈਂਦੀ ਜੇਕਰ ਹੋਵੇ ਡੋਰ।
ਤੇਰੀ ਇਕ-ਇਕ ਯਾਦ ਸਤਾਵੇ ਤਨਹਾਈ ਵਿਚ ਏਦਾਂ,
ਜਿੱਦਾਂ ਜੰਗਲ ਦੇ ਵਿਚ ਕੱਲਾਂ ਪੈਲਾਂ ਪਾਵੇ ਮੋਰ।
ਕਿਸ ਨੇਤਾ ਨੇ ਅਪਣਾ ਇੱਕ ਸਵਾਰਥ ਸਿੱਧ ਹੈ ਕੀਤਾ,
ਭੀੜ ਭੜੱਕਾ ਚਾਰੇ ਪਾਸੇ ਏਧਰ ਓਧਰ ਸ਼ੋਰ।
ਫੁੱਲ ਗੁਲਾਬੀ ਨੂੰ ਵੀਂ ਪਾਉਣਾ ਏਨਾਂ ਸੌਖਾ ਨਈਂ ਏ,
ਪਹਿਲਾਂ ਜ਼ਖ਼ਮੀ ਕਰਨੇ ਪੈਂਦੇ ਉਂਗਲੀਆਂ ਦੇ ਪੋਰ।
ਕੱਚੇ ਕੋਠੇ ਚੋ ਪੈਂਦੇ ਨੇ ਇਕ ਮਜ਼ਬੂਰੀ ਕਰਕੇ,
ਬਾਰਿਸ਼ ਤੇਜ਼ ਹਵਾਵਾਂ ਅੰਦਰ ਕਿਸ ਦਾ ਚਲਦਾ ਜ਼ੋਰ।
ਟੁੱਟੀ ਹੋਈ ਝਾਂਜਰ ਦੇ ਕੁਝ ਘੁੰਗਰੂ ਖ਼ੂਨ 'ਚ ਲਿਬੜੇ,
ਪੈੜਾਂ ਤੋਂ ਪਹਿਚਾਣ ਲਈ ਏ ਆਪਾਂ ਤੇਰੀ ਤੋਰ।
ਤੜਪ ਲਲਕ ਪਲਕ ਪਿਆਰੀ ਤੇਰੀ ਆਮਦ ਅੰਦਰ,
ਰਿਸ਼ਤਾ ਇੰਝ ਨਿਭਾਇਆ ਆਪਾਂ ਜਿੱਦਾਂ ਚੰਨ ਚਕੋਰ।
ਖਵਰੇ ਕਿਸ ਨੇ ਯੁੱਧ ਕੀਤਾ ਹੈ ਇਸ ਧਰਤੀ ਦੇ ਉਤੇ,
ਫੁੱਲ ਗੁਲਾਬੀ ਬੀਜੇ ਸੀ ਪਰ ਉਗ ਪਈ ਏ ਥੋਰ।
ਲੱਖਾਂ ਬੱਦ ਦੁਆਵਾਂ ਉਠੀਆਂ ਇਕ ਚਿੰਗਾਰੀ ਵਿੱਚੋਂ,
ਅੰਬਰ ਦੇ ਵਿਚ ਚੜ੍ਹ-ਚੜ੍ਹ ਵਰ੍ਹਦੀ ਕਾਲੀ ਘਟ ਘਨਘੋਰ।
ਮਹਿਫ਼ਿਲ ਵਿਚ ਤਰਨੁੰਮ ਦੇ ਨਾਲ ਇਕ ਗਾਇਕ ਨੇ ਗਾਈਆਂ,
ਬਾਲਮ ਤੇਰੀਆਂ .ਗਜ਼ਲਾਂ ਅੰਦਰ ਮਸਤੀ ਵਾਲੀ ਤੋਰ।



SANJHI SOCH
ਬਲਵਿੰਦਰ ਬਾਲਮ
ਉਂਕਾਰ ਨਗਰ
ਗੁਰਦਾਸਪੁਰ (ਪੰਜਾਬ)
98156-25409

LARRY T. NIERMEYER
Attorney at Law



OFFERING SERVICES IN THE FOLLOWING AREAS



1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation



PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
INDIAN & FIJI GROCERY
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

# ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

# ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




## e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# JK TYRE INC

## JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**
295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

**2955 N. Wilson Way Stockton , CA 95205**

SANJHI SOCH TV & DAILY NEWSPAPER

TO EXPAND YOUR BUSINESS IN INDIAN COMMUNITY

Through Newspaper & T.V, Advertise with us just as low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਓ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com | Sanjhi Soch TV NRI

SANJHI SOCH

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

SANJHI SOCH

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260